ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 11 ਅਪ੍ਰੈਲ 2025 (ਨਾਨਕਸ਼ਾਹੀ ਸੰਮਤ : ੫੫੭, ੨੯ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## 'ਮੈਨੂੰ ਦੁਬਾਰਾ ਜੇਲ੍ਹ ਭੇਜਣ ਦੀ ਕੋਸ਼ਿਸ਼, ਪਰ ਮੈਂ ਜੇਲ੍ਹ ਦੇ ਅੰਦਰੋਂ ਚੋਣਾਂ ਲੜਾਂਗਾ', ਭਾਰਤ ਭੂਸ਼ਣ ਆਸ਼ੂ ਨੇ 'ਆਪ' 'ਤੇ ਸਾਧਿਆ ਨਿਸ਼ਾਨਾ

**ਲੁਧਿਆਣਾ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਵਿੱਚ ਵਿਧਾਨ ਸਭਾ ਉਪ ਚੋਣਾਂ ਦੀ ਤਰੀਕਾਂ ਦਾ ਐਲਾਨ ਹੋਣ ਤੋਂ ਪਹਿਲਾਂ ਸਿਆਸੀ ਮਾਹੌਲ ਭੱਖਿਆ ਪਿਆ ਹੈ। ਸਾਰੇ ਆਗੂ ਇੱਕ ਦੂਜੇ 'ਤੇ ਹਮਲਾਵਰ ਹੋ ਰਹੇ ਹਨ। ਉੱਥੇ ਹੀ ਸਾਬਕਾ ਕੈਬਨਿਟ ਮੰਤਰੀ ਭਾਰਤ ਭੂਸ਼ਣ ਆਸ਼ੂ ਨੇ ਆਮ ਆਦਮੀ ਪਾਰਟੀ 'ਤੇ ਨਿਸ਼ਾਨਾ ਸਾਧਿਆ ਹੈ।ਆਸ਼ੂ ਨੇ ਕਿਹਾ ਕਿ ਮੈਨੂੰ ਮੀਡੀਆ ਤੋਂ ਹੀ ਪਤਾ ਲੱਗਿਆ ਕਿ ਸਰਕਾਰ ਮੈਨੂੰ ਦੁਬਾਰਾ ਜੇਲ੍ਹ ਭੇਜਣ ਦੀ ਸਾਜ਼ਿਸ਼ ਰਚ ਰਹੀ ਹੈ, ਪਰ ਅਸੀਂ ਡਰਨ ਵਾਲੇ ਨਹੀਂ ਹਾਂ। ਉਨ੍ਹਾਂ ਕਿਹਾ ਕਿ ਅਸੀਂ ਲੋਕਾਂ ਵਿੱਚ ਰਹਿ ਕੇ ਕੰਮ ਕੀਤਾ ਹੈ। ਭਾਵੇਂ ਮੈਨੂੰ ਜ਼ਬਰਦਸਤੀ ਜੇਲ੍ਹ ਭੇਜਿਆ ਜਾਵੇ, ਮੈਂ ਜੇਲ੍ਹ ਦੇ ਅੰਦਰੋਂ ਹੀ ਚੋਣਾਂ ਲੜਾਂਗਾ।ਮੇਰੇ ਕਾਂਗਰਸੀ ਵਰਕਰ ਮੇਰੇ ਲਈ ਪ੍ਰਚਾਰ ਕਰਨਗੇ। ਕਈ ਅਫ਼ਸਰਾਂ ਨੂੰ ਵੀ ਬਦਲਿਆ ਜਾ ਰਿਹਾ ਹੈ। ਲੋਕ ਚੰਗੀ ਤਰ੍ਹਾਂ ਜਾਣਦੇ ਹਨ ਕਿ ਅਫ਼ਸਰਾਂ ਨੂੰ ਕਿਉਂ ਬਦਲਿਆ ਜਾ ਰਿਹਾ ਹੈ। ਇਹ ਸਰਕਾਰ ਸਾਨੂੰ ਡਰਾ ਨਹੀਂ ਸਕਦੀ। ਭਾਰਤ ਭੂਸ਼ਣ ਆਸ਼ੂ ਨੇ ਕਿਹਾ ਕਿ ਉਹ ਜਿਸ ਵੀ ਘਰ ਵਿੱਚ ਮੀਟਿੰਗਾਂ ਲਈ ਜਾਂਦੇ ਹਨ, ਲੋਕ ਬਦਲਾਅ ਲਿਆਉਣ ਦੀ ਗੱਲ ਕਰ ਰਹੇ ਹੁੰਦੇ ਹਨ। ਇਸ ਵਾਰ ਲੋਕ ਇਸ ਉਪ ਚੋਣ ਵਿੱਚ 2027 ਦਾ ਆਪਣਾ ਗੁੱਸਾ ਕੱਢਣ ਲਈ ਤਿਆਰ ਹਨ। ਸ਼ਹਿਰ ਦਾ ਵਿਕਾਸ ਪਿਛਲੇ 3 ਸਾਲਾਂ ਤੋਂ ਠੱਪ ਪਿਆ ਹੈ। ਹੁਣ ਲੋਕ ਚਾਹੁੰਦੇ ਹਨ ਕਿ 2027 ਵਿੱਚ ਸੱਤਾ ਕਾਂਗਰਸ ਨੂੰ ਸੌਂਪ ਦਿੱਤੀ ਜਾਵੇ, ਤਾਂ ਜੋ ਲੋਕਾਂ ਦੇ ਕਾਰੋਬਾਰ ਦੁਬਾਰਾ ਵਿਕਸਤ ਹੋ ਸਕਣ।

### ਰਾਸ਼ਟਰੀ ਜਾਂਚ ਏਜੰਸੀ (ਐਨਆਈਏ) ਕਰੇਗੀ ਪੁੱਛਗਿੱਛ

# ਅੱਤਵਾਦੀ ਤਹੱਵੁਰ ਰਾਣਾ ਨੂੰ ਲਿਆਂਦਾ ਗਿਆ ਦਿੱਲੀ

**ਨਵੀਂ ਦਿੱਲੀ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-26/11 ਦੇ ਮੁੰਬਈ ਅੱਤਵਾਦੀ ਹਮਲੇ ਦੇ ਦੋਸ਼ੀ ਤਹਵੱਰ ਹੁਸੈਨ ਰਾਣਾ ਨੂੰ ਭਾਰਤ ਲਿਆਂਦਾ ਗਿਆ ਹੈ। ਉਸਨੂੰ ਲੈ ਕੇ ਆਉਣ ਵਾਲਾ ਵਿਸ਼ੇਸ਼ ਵਿਮਲ ਦਿੱਲੀ ਦੇ ਪਾਲਮ ਹਵਾਈ ਅੱਡੇ 'ਤੇ ਉਤਰਿਆ। ਇਸ ਤੋਂ ਬਾਅਦ, ਉਸਨੂੰ ਹਵਾਈ ਅੱਡੇ ਤੋਂ ਰਾਸ਼ਟਰੀ ਜਾਂਚ ਏਜੰਸੀ (ਐਨਆਈਏ) ਹੈੱਡਕੁਆਰਟਰ ਲਿਜਾਇਆ ਜਾ ਰਿਹਾ ਹੈ, ਜਿੱਥੇ ਜਾਂਚ ਏਜੰਸੀਆਂ ਦੀ ਇੱਕ ਟੀਮ ਦੁਆਰਾ ਉਸ ਤੋਂ ਪੁੱਛਗਿੱਛ ਕੀਤੀ ਜਾਵੇਗੀ। ਇਸ ਤੋਂ ਬਾਅਦ ਤਹੱਵੁਰ ਰਾਣਾ ਨੂੰ ਤਿਹਾੜ ਜੇਲ੍ਹ ਵਿੱਚ ਰੱਖਿਆ ਜਾਵੇਗਾ, ਜਿੱਥੇ ਉਸਦੀ ਸੁਰੱਖਿਆ ਲਈ ਵਿਸ਼ੇਸ਼ ਪ੍ਰਬੰਧ



ਕੀਤੇ ਗਏ ਹਨ। ਰਾਣਾ ਨੂੰ 2008 ਦੇ ਮੁੰਬਈ ਹਮਲਿਆਂ ਦੀ ਸਾਜ਼ਿਸ਼ ਰਚਣ ਦਾ ਮੁੱਖ ਦੋਸ਼ੀ ਮੰਨਿਆ ਜਾਂਦਾ ਹੈ। ਅਮਰੀਕਾ ਤੋਂ ਹਵਾਲਗੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਉਸਨੂੰ ਭਾਰਤ ਲਿਆਂਦਾ ਜਾ ਰਿਹਾ ਹੈ। ਜੇਲ੍ਹ ਸੂਤਰਾਂ ਅਨੁਸਾਰ ਤਹੱਵੁਰ ਰਾਣਾ ਨੂੰ ਦਿੱਲੀ ਦੀ ਤਿਹਾੜ ਜੇਲ੍ਹ ਦੇ ਉੱਚ-ਸੁਰੱਖਿਆ ਵਾਰਡ ਵਿੱਚ ਰੱਖਿਆ ਜਾਵੇਗਾ। ਇਸ ਦੀਆਂ ਤਿਆਰੀਆਂ ਪੂਰੀਆਂ ਹੋ ਚੁੱਕੀਆਂ ਹਨ। ਹਾਲਾਂਕਿ ਅੰਤਿਮ ਫੈਸਲਾ ਅਦਾਲਤ ਦੇ ਹੁਕਮ 'ਤੇ ਨਿਰਭਰ ਕਰੇਗਾ। ਜ਼ਿਕਰਯੋਗ ਹੈ ਕਿ 26 ਨਵੰਬਰ 2008 ਨੂੰ ਮੁੰਬਈ ਵਿੱਚ ਹੋਏ ਅੱਤਵਾਦੀ ਹਮਲੇ ਵਿੱਚ 166 ਲੋਕਾਂ ਦੀ ਜਾਨ ਚਲੀ ਗਈ ਸੀ ਅਤੇ ਸੈਂਕੜੇ ਜ਼ਖਮੀ ਹੋਏ ਸਨ। ਇਸ ਹਮਲੇ ਪਿੱਛੇ ਪਾਕਿਸਤਾਨ ਸਥਿਤ ਅੱਤਵਾਦੀ ਸੰਗਠਨ ਲਸ਼ਕਰ-ਏ-ਤੋਇਬਾ ਦਾ ਹੱਥ ਦੱਸਿਆ ਗਿਆ ਸੀ ਅਤੇ ਰਾਣਾ 'ਤੇ ਹਮਲੇ ਦੀ ਯੋਜਨਾ ਬਣਾਉਣ ਵਿੱਚ ਮਦਦ ਕਰਨ ਦਾ ਦੋਸ਼ ਹੈ। ਰਾਣਾ ਤੋਂ ਪੁੱਛਗਿੱਛ ਰਾਹੀਂ ਭਾਰਤ ਹੁਣ ਉਸ ਸਾਜ਼ਿਸ਼ ਦੀਆਂ ਪਰਤਾਂ ਨੂੰ ਖੋਲ੍ਹਣਾ ਚਾਹੁੰਦਾ ਹੈ ਜਿਸ ਵਿੱਚ ਪਾਕਿਸਤਾਨ ਦੀ ਭੂਮਿਕਾ ਲੰਬੇ ਸਮੇਂ ਤੋਂ ਸ਼ੱਕ ਦੇ ਘੇਰੇ ਵਿੱਚ ਹੈ। ਰਾਣਾ ਦੀ ਭਾਰਤ ਵਿੱਚ ਮੌਜੂਦਗੀ ਨਾਲ, ਜਾਂਚ ਏਜੰਸੀਆਂ ਨੂੰ ਇਸ ਮਾਮਲੇ ਵਿੱਚ ਨਵੀਂ ਜਾਣਕਾਰੀ ਮਿਲਣ ਦੀ ਉਮੀਦ ਹੈ

## ਕੰਬ ਗਿਆ ਪਾਕਿਸਤਾਨ, ਕਿਹਾ ਰਾਣਾ ਸਾਡਾ ਨਾਗਰਿਕ ਨਹੀਂ, ਕੈਨੇਡੀਅਨ ਹੈ

**ਇਸਲਾਮਾਬਾਦ/ਨਵੀਂ ਦਿੱਲੀ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-2008 ਦੇ ਮੁੰਬਈ ਅੱਤਵਾਦੀ ਹਮਲਿਆਂ ਦੇ ਮੁੱਖ ਦੋਸ਼ੀ ਤਹੱਵੁਰ ਰਾਣਾ ਨੂੰ ਅਮਰੀਕਾ ਤੋਂ ਦਿੱਲੀ ਲਿਆਂਦਾ ਗਿਆ ਹੈ। ਇਸ ਦੌਰਾਨ, ਪਾਕਿਸਤਾਨ ਨੇ ਰਾਣਾ ਤੋਂ ਦੂਰੀ ਬਣਾ ਲਈ ਹੈ ਅਤੇ ਉਸਦੀ ਨਾਗਰਿਕਤਾ ਅਤੇ ਸਬੰਧਾਂ ਤੋਂ ਵੀ ਦੂਰੀ ਬਣਾ ਲਈ ਹੈ। ਪਾਕਿਸਤਾਨ ਦੇ ਵਿਦੇਸ਼ ਦਫ਼ਤਰ ਨੇ ਇੱਕ ਬਿਆਨ ਵਿੱਚ ਕਿਹਾ ਕਿ ਤਹੱਵੁਰ ਰਾਣਾ ਨੇ ਪਿਛਲੇ ਦੋ ਦਹਾਕਿਆਂ ਵਿੱਚ ਆਪਣੇ ਪਾਕਿਸਤਾਨੀ ਦਸਤਾਵੇਜ਼ਾਂ ਦਾ ਨਵੀਨੀਕਰਨ ਨਹੀਂ ਕੀਤਾ ਹੈ। ਸਾਡਾ ਉਸ ਨਾਲ ਕੋਈ ਲੈਣਾ-ਦੇਣਾ ਨਹੀਂ ਹੈ। ਉਹ ਹੁਣ ਇੱਕ ਕੈਨੇਡੀਅਨ ਨਾਗਰਿਕ ਹੈ। ਦੱਸ ਦਈਏ ਕਿ ਰਾਣਾ ਪਾਕਿਸਤਾਨੀ ਮੂਲ ਦਾ ਕੈਨੇਡੀਅਨ ਨਾਗਰਿਕ ਹੈ। ਇਹ ਵੀ ਕਿਸੇ ਤੋਂ ਲੁਕਿਆ ਨਹੀਂ ਹੈ ਕਿ ਰਾਣਾ ਦੇ ਪਾਕਿਸਤਾਨੀ ਫੌਜ ਅਤੇ ਆਈਐਸਆਈ ਨਾਲ ਡੂੰਘੇ ਸਬੰਧ ਰਹੇ ਹਨ। ਮਾਹਿਰਾਂ ਦਾ ਮੰਨਣਾ ਹੈ ਕਿ ਪਾਕਿਸਤਾਨ ਨੂੰ ਚਿੰਤਾ ਹੈ ਕਿ ਭਾਰਤ ਵਿੱਚ ਪੁੱਛਗਿੱਛ ਦੌਰਾਨ, ਰਾਣਾ 26/11 ਦੇ ਹਮਲਿਆਂ ਵਿੱਚ ਪਾਕਿਸਤਾਨ ਦੀ ਸ਼ਮੂਲੀਅਤ ਦਾ ਖੁਲਾਸਾ ਕਰ ਸਕਦਾ ਹੈ। ਰਾਣਾ ਨੂੰ 2008 ਦੇ ਮੁੰਬਈ ਹਮਲਿਆਂ ਦੀ ਸਾਜ਼ਿਸ਼ ਰਚਣ ਦਾ ਮੁੱਖ ਦੋਸ਼ੀ ਮੰਨਿਆ ਜਾਂਦਾ ਹੈ। ਅਮਰੀਕਾ ਤੋਂ ਹਵਾਲਗੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਉਸਨੂੰ ਭਾਰਤ ਲਿਆਂਦਾ ਜਾ ਰਿਹਾ ਹੈ। ਜੇਲ੍ਹ ਸੂਤਰਾਂ ਅਨੁਸਾਰ ਤਹੱਵੁਰ ਰਾਣਾ ਨੂੰ ਦਿੱਲੀ ਦੀ ਤਿਹਾੜ ਜੇਲ੍ਹ ਦੇ ਉੱਚ-ਸੁਰੱਖਿਆ ਵਾਰਡ ਵਿੱਚ ਰੱਖਿਆ ਜਾਵੇਗਾ। ਇਸ ਦੀਆਂ ਤਿਆਰੀਆਂ ਪੂਰੀਆਂ ਹੋ ਚੁੱਕੀਆਂ ਹਨ। ਹਾਲਾਂਕਿ ਅੰਤਿਮ ਫੈਸਲਾ ਅਦਾਲਤ ਦੇ ਹੁਕਮ 'ਤੇ ਨਿਰਭਰ ਕਰੇਗਾ। ਜ਼ਿਕਰਯੋਗ ਹੈ ਕਿ 26 ਨਵੰਬਰ 2008 ਨੂੰ ਮੁੰਬਈ ਵਿੱਚ ਹੋਏ ਅੱਤਵਾਦੀ ਹਮਲੇ ਵਿੱਚ 166 ਲੋਕਾਂ ਦੀ ਜਾਨ ਚਲੀ ਗਈ ਸੀ ਅਤੇ ਸੈਂਕੜੇ ਜ਼ਖਮੀ ਹੋਏ ਸਨ। ਇਸ ਹਮਲੇ ਪਿੱਛੇ ਪਾਕਿਸਤਾਨ ਸਥਿਤ ਅੱਤਵਾਦੀ ਸੰਗਠਨ ਲਸ਼ਕਰ-ਏ-ਤੋਇਬਾ ਦਾ ਹੱਥ ਦੱਸਿਆ ਗਿਆ ਸੀ ਅਤੇ ਰਾਣਾ 'ਤੇ ਹਮਲੇ ਦੀ ਯੋਜਨਾ ਬਣਾਉਣ ਵਿੱਚ ਮਦਦ ਕਰਨ ਦਾ ਦੋਸ਼ ਹੈ। ਰਾਣਾ ਤੋਂ ਪੁੱਛਗਿੱਛ ਰਾਹੀਂ ਭਾਰਤ ਹੁਣ ਉਸ ਸਾਜ਼ਿਸ਼ ਦੀਆਂ ਪਰਤਾਂ ਨੂੰ ਖੋਲ੍ਹਣਾ ਚਾਹੁੰਦਾ ਹੈ ਜਿਸ ਵਿੱਚ ਪਾਕਿਸਤਾਨ ਦੀ ਭੂਮਿਕਾ ਲੰਬੇ ਸਮੇਂ ਤੋਂ ਸ਼ੱਕ ਦੇ ਘੇਰੇ ਵਿੱਚ ਹੈ। ਰਾਣਾ ਦੀ ਭਾਰਤ ਵਿੱਚ ਮੌਜੂਦਗੀ ਨਾਲ, ਜਾਂਚ ਏਜੰਸੀਆਂ ਨੂੰ ਇਸ ਮਾਮਲੇ ਵਿੱਚ ਨਵੀਂ ਜਾਣਕਾਰੀ ਮਿਲਣ ਦੀ ਉਮੀਦ ਹੈ।

## ਲੁਧਿਆਣਾ 'ਚ 'ਅਕਾਲ' ਫਿਲਮ ਦਾ ਨਿਹੰਗ ਸਿੰਘਾਂ ਵਲੋਂ ਜ਼ਬਰਦਸਤ ਵਿਰੋਧ, ਮਾਲ 'ਚ ਪਹੁੰਚ ਕੇ ਕਰਵਾਈ ਬੰਦ

**ਲੁਧਿਆਣਾ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਵਿੱਚ ਅੱਜ (ਵੀਰਵਾਰ) ਨੂੰ ਸਿੱਖ ਜਥੇਬੰਦੀਆਂ ਨੇ ਪੰਜਾਬੀ ਫਿਲਮ 'ਅਕਾਲ' ਦਾ ਜ਼ਬਰਦਸਤ ਵਿਰੋਧ ਕੀਤਾ ਹੈ। ਨਿਹੰਗ



ਸਿੰਘਾਂ ਨੇ ਵੇਵ ਮਾਲ ਵਿੱਚ ਜਾ ਕੇ ਸਿਨੇਮਾ ਹਾਲ ਦੇ ਮਾਲਕ ਨੂੰ ਫਿਲਮ ਨੂੰ ਬੰਦ ਕਰਨ ਦੀ ਬੇਨਤੀ ਕੀਤੀ। ਉੱਥੇ ਹੀ ਸੁਰੱਖਿਆ ਯਕੀਨੀ ਬਣਾਉਣ ਲਈ ਸਰਾਭਾ ਨਗਰ ਪੁਲਿਸ ਸਟੇਸ਼ਨ ਦੇ ਪੁਲਿਸ ਅਧਿਕਾਰੀ ਅਤੇ ਸਟਾਫ਼ ਮੌਕੇ 'ਤੇ ਪਹੁੰਚੇ। ਪ੍ਰਦਰਸ਼ਨਕਾਰੀਆਂ ਦੀ ਅਗਵਾਈ ਕਰ ਰਹੇ ਸਿੱਖ ਯੂਥ ਪਾਵਰ ਦੇ ਮੁਖੀ ਪ੍ਰਦੀਪ ਸਿੰਘ ਇਆਲੀ ਨੇ ਕਿਹਾ ਕਿ ਸਿੱਖਾਂ ਦੇ ਕਿਰਦਾਰਾਂ 'ਤੇ ਬਣ ਰਹੀਆਂ ਫਿਲਮਾਂ ਨੂੰ ਬਣਾਉਣ ਦੀ ਇਜਾਜ਼ਤ ਨਹੀਂ ਦਿੱਤੀ ਜਾਣੀ ਚਾਹੀਦੀ। ਅਦਾਕਾਰ ਗਿੱਪੀ ਗਰੇਵਾਲ ਇੱਕ ਪਾਸੇ ਨਾਰਮਲ ਅਦਾਕਾਰੀ ਕਰਦੇ ਨਜ਼ਰ ਆਉਂਦੇ ਹਨ ਅਤੇ ਦੂਜੇ ਪਾਸੇ ਉਹ ਫਿਲਮ ਵਿੱਚ ਇੱਕ ਨਿਹੰਗ ਸਿੰਘ ਦੀ ਵਰਦੀ ਵਿੱਚ ਨਜ਼ਰ ਆ ਰਹੇ ਹਨ। ਬਾਣੇ ਦਾ ਰੂਪ ਬਦਲਣਾ ਧਰਮ ਦੇ ਵਿਰੁੱਧ ਹੈ। ਕਈ ਫਿਲਮਾਂ ਵਿੱਚ ਗਿੱਪੀ ਗਰੇਵਾਲ ਕੁੜੀਆਂ ਨਾਲ ਨੱਚਦੇ ਹੁੰਦੇ ਹਨ ਅਤੇ ਹੁਣ ਉਨ੍ਹਾਂ ਨੇ ਫਿਲਮ ਵਿੱਚ ਬਾਣਾ ਪਾਇਆ ਹੋਇਆ ਹੈ। ਇਸ ਮੁੱਦੇ 'ਤੇ ਅਸੀਂ ਵਿਰੋਧ ਕਰ ਰਹੇ ਹਾਂ। ਅਜਿਹੇ ਲੋਕ ਸਿੱਖਾਂ ਦੀ ਭੂਮਿਕਾ ਨਹੀਂ ਨਿਭਾ ਸਕਦੇ। ਸਿੱਖਾਂ ਦੇ ਕੋਲ ਸ਼ਹੀਦੀ ਸਥਾਨ ਹਨ। ਇਹ ਸਿੱਖਾਂ ਦਾ ਇਤਿਹਾਸ ਹੈ, ਲੋਕਾਂ ਨੂੰ ਇਸਨੂੰ ਪੜ੍ਹਨਾ ਚਾਹੀਦਾ ਹੈ। ਅੱਜ ਇਹ ਪ੍ਰਦਰਸ਼ਨ ਲਗਭਗ ਹਰ ਜਗ੍ਹਾ ਹੋ ਰਹੇ ਹਨ। ਪੁਲਿਸ ਪ੍ਰਸ਼ਾਸਨ ਤੋਂ ਮੰਗ ਹੈ ਕਿ ਇਸ ਫਿਲਮ ਨੂੰ ਬਣਾ ਕੇ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਿਆਂ ਵਿਰੁੱਧ ਮਾਮਲਾ ਦਰਜ ਕੀਤਾ ਜਾਵੇ। ਦੱਸ ਦਈਏ ਕਿ ਅੱਜ ਗਿੱਪੀ ਗਰੇਵਾਲ ਦੀ ਮੂਵੀ ਅਕਾਲ ਸਿਨੇਮਾ ਘਰਾਂ ਵਿੱਚ ਰਿਲੀਜ਼ ਹੋਈ ਹੈ ਅਤੇ ਫਿਲਮ ਸਿੱਖਾਂ ਦੇ ਇਤਿਹਾਸ 'ਤੇ ਬਣੀ ਹੈ ਜਿਸ ਵਿੱਚ ਕਿਰਦਾਰਾਂ ਨੇ ਨਿਹੰਗ ਸਿੰਘ ਦੀ ਵਰਦੀ ਪਾਈ ਹੋਈ ਹੈ ਅਤੇ ਦਸਤਾਰਾਂ ਵੀ ਸਜਾਈਆਂ ਹਨ, ਉੱਥੇ ਹੀ ਜਦੋਂ ਅੱਜ ਲੋਕ ਇਸ ਨੂੰ ਸਿਨੇਮਾ ਘਰਾਂ ਵਿੱਚ ਦੇਖਣ ਲਈ ਗਏ ਤਾਂ ਨਿਹੰਗ ਸਿੰਘਾਂ ਨੇ ਆ ਕੇ ਇਸ ਦਾ ਵਿਰੋਧ ਕੀਤਾ ਅਤੇ ਫਿਲਮ ਬੰਦ ਕਰਨ ਦੀ ਬੇਨਤੀ ਕੀਤੀ ਕਿਹਾ ਕਿ ਇਸ ਨਾਲ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ।

## ਲਾਲ ਕਿਲ੍ਹਾ ਅਤੇ ਜਾਮਾ ਮਸਜਿਦ ਨੂੰ ਮਿਲੀ ਬੰਬ ਨਾਲ ਉਡਾਉਣ ਦੀ ਧਮਕੀ, ਜਾਂਚ 'ਚ ਹੋਇਆ ਵੱਡਾ ਖੁਲਾਸਾ





**ਨਵੀਂ ਦਿੱਲੀ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ ਲਾਲ ਕਿਲ੍ਹੇ ਅਤੇ ਜਾਮਾ ਮਸਜਿਦ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ। ਦਿੱਲੀ ਪੁਲਿਸ ਨੇ ਕਿਹਾ ਕਿ ਜਦੋਂ ਕਾਲ ਦੀ ਜਾਂਚ ਕੀਤੀ ਗਈ ਤਾਂ ਕੁਝ ਵੀ ਸ਼ੱਕੀ ਨਹੀਂ ਮਿਲਿਆ ਅਤੇ ਇਹ ਇੱਕ ਫਰਜ਼ੀ ਕਾਲ ਸੀ। ਇਹ ਕਾਲ ਮਿਲਣ ਤੋਂ ਤੁਰੰਤ ਬਾਅਦ, ਪੁਲਿਸ ਵੀਰਵਾਰ ਸਵੇਰੇ ਮੌਕੇ 'ਤੇ ਪਹੁੰਚੀ। ਦਿੱਲੀ ਫਾਇਰ ਸਰਵਿਸ ਨੇ ਕਿਹਾ ਕਿ ਸਵੇਰੇ 9.30 ਵਜੇ ਜਾਮਾ ਮਸਜਿਦ ਅਤੇ ਲਾਲ ਕਿਲ੍ਹੇ 'ਤੇ ਬੰਬ ਦੀ ਧਮਕੀ ਬਾਰੇ ਫੋਨ ਆਇਆ। ਇਸ ਤੋਂ ਬਾਅਦ, ਉੱਥੇ ਪੂਰੀ ਜਾਂਚ ਕੀਤੀ ਗਈ। ਦਿੱਲੀ ਪੁਲਿਸ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਕਾਲ ਮਿਲਣ ਤੋਂ ਬਾਅਦ, ਬੰਬ ਨਿਰੋਧਕ ਦਸਤੇ ਅਤੇ ਸੀਆਈਐਸਐਫ ਟੀਮ ਨੇ ਪੂਰੇ ਕੰਪਲੈਕਸ ਦੀ ਚੰਗੀ ਤਰ੍ਹਾਂ ਤਲਾਸ਼ੀ ਲਈ ਪਰ ਕੁਝ ਵੀ ਸ਼ੱਕੀ ਨਹੀਂ ਮਿਲਿਆ। ਇਹ ਪਹਿਲੀ ਵਾਰ ਨਹੀਂ ਹੈ ਜਦੋਂ ਦਿੱਲੀ ਵਿੱਚ ਬੰਬ ਦੀ ਧਮਕੀ ਦਿੱਤੀ ਗਈ ਹੋਵੇ। ਹਾਲ ਹੀ ਵਿੱਚ ਬੰਬ ਧਮਕੀਆਂ ਸੰਬੰਧੀ ਕਾਲਾਂ ਵਿੱਚ ਵਾਧਾ ਹੋਇਆ ਹੈ। ਹੁਣ ਤੱਕ ਸਕੂਲਾਂ ਅਤੇ ਹਵਾਈ ਜਹਾਜ਼ਾਂ 'ਤੇ ਬੰਬ ਸੁੱਟਣ ਦੀਆਂ ਧਮਕੀਆਂ ਵਾਲੇ ਕਈ ਫੋਨ ਆਏ ਹਨ। ਫਰਵਰੀ ਦੇ ਮਹੀਨੇ ਹੀ ਦਿੱਲੀ ਅਤੇ ਨੋਇਡਾ ਦੇ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਮਿਲੀਆਂ ਸਨ। 10 ਜਨਵਰੀ ਨੂੰ ਇੱਕ ਹੈਰਾਨ ਕਰਨ ਵਾਲੀ ਘਟਨਾ ਸਾਹਮਣੇ ਆਈ ਜਦੋਂ 12ਵੀਂ ਜਮਾਤ ਦੇ ਇੱਕ ਵਿਦਿਆਰਥੀ ਨੇ 23 ਸਕੂਲਾਂ ਨੂੰ ਬੰਬ ਦੀ ਧਮਕੀ ਵਾਲੇ ਈਮੇਲ ਭੇਜੇ। ਉਸਨੂੰ ਦਿੱਲੀ ਵਿੱਚ ਫੜ ਲਿਆ ਗਿਆ।

## ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਸਾਥੀ ਭਗਵੰਤ ਸਿੰਘ ਉਰਫ ਮੰਤਰੀ ਬਾਜੇਕੇ ਵੱਲੋਂ ਸ਼ੁਰੂ ਕੀਤੀ ਗਈ ਭੁੱਖ ਹੜਤਾਲ



**ਬਠਿੰਡਾ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਾਂਸਦ ਅੰਮ੍ਰਿਤਪਾਲ ਪਾਲ ਸਿੰਘ ਦੇ ਸਾਥੀ ਭਗਵੰਤ ਸਿੰਘ ਉਰਫ ਮੰਤਰੀ ਬਾਜੇਕੇ ਵੱਲੋਂ ਬਠਿੰਡਾ ਦੀ ਕੇਂਦਰੀ ਜੇਲ੍ਹ 'ਚ ਭੁੱਖ ਹੜਤਾਲ ਸ਼ੁਰੂ ਕੀਤੀ ਗਈ ਹੈ। ਮਿਲੀ ਜਾਣਕਾਰੀ ਮੁਤਾਬਿਕ



ਪਿਛਲੇ ਦਿਨੀਂ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਤੋਂ ਬਠਿੰਡਾ ਦੀ ਕੇਂਦਰੀ ਜੇਲ੍ਹ 'ਚ ਬਾਜੇਕੇ ਨੂੰ ਤਬਦੀਲ ਕੀਤਾ ਗਿਆ ਸੀ ਜਿੱਥੇ ਉਸ ਵੱਲੋਂ ਭੁੱਖ ਹੜਤਾਲ ਕੀਤੀ ਜਾ ਰਹੀ ਹੈ। ਮਿਲੀ ਜਾਣਕਾਰੀ ਮੁਤਾਬਿਕ ਬਟਿੰਡਾ ਜੇਲ੍ਹ 'ਚ ਬੰਦ ਬਾਜੇਕੇ ਨੇ ਪੁਲਿਸ ਪ੍ਰਸ਼ਾਸਨ 'ਤੇ ਗੰਭੀਰ ਇਲਜ਼ਾਮ ਲਗਾਏ ਹਨ। ਉਸ ਨੇ ਕਿਹਾ ਹੈ ਕਿ ਬਾਥਰੂਮਾਂ 'ਚ ਪੁਲਿਸ ਪ੍ਰਸ਼ਾਸਨ ਵੱਲੋਂ ਗੁਪਤ ਕੈਮਰੇ ਲਗਾਏ ਗਏ ਹਨ ਅਤੇ ਉਸਦੀ ਨਿੱਜਤਾ ਦਾ ਬਿਲਕੁੱਲ ਵੀ ਖਿਆਲ ਨਹੀਂ ਰੱਖਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਉਸਨੇ ਇਹ ਵੀ ਕਿਹਾ ਕਿ ਉਨ੍ਹਾਂ ਨੂੰ ਗੁਰੂ ਘਰ ਦੇ ਦਰਸ਼ਨਾਂ ਦੇ ਲਈ ਵੀ ਜਾਣ ਨਹੀਂ ਦਿੱਤਾ ਜਾਂਦਾ। ਇਸ ਸਬੰਧੀ ਬਾਜੇਕੇ ਨੇ ਆਡੀਓ ਮੈਸੇਜ ਜਾਰੀ ਕਰਕੇ ਜੇਲ੍ਹ ਪ੍ਰਸ਼ਾਸਨ 'ਤੇ ਧੱਕੇਸ਼ਾਹੀ ਦੇ ਇਲਜ਼ਾਮ ਲਗਾਏ ਹਨ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

*-- ਗੁਰੂ ਪੰਥ ਦੇ ਸੇਵਾਦਾਰ --*

**ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK**

- **ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall**

  **+447976210161**

- **ਭਾਈ ਬਲਜੀਤ ਸਿਘ ਕੰਗ/Bhai Baljit Singh Kang**


  **+44 7780 605230**

- **ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)**

  **+44 7568 517223**

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net


# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ - ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ

# 29ਵਾਂ ਸਲਾਨਾ ਜੋੜ ਮੇਲਾ

# ਗੁਰਮਤਿ ਸਮਾਗਮ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ

## ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



## ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

# ਅਪੀਲ

**ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ-ਖੇਤਰ, ਜ਼ਿੰਮੇਵਾਰੀਆਂ ਤੇ ਸੇਵਾ-ਮੁਕਤੀ ਸੰਬੰਧੀ ਨਿਯਮਾਵਲੀ ਬਣਾਉਣ ਲਈ ਸਿੱਖ ਪੰਥ ਦੀਆਂ ਸਮੂਹ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਆਲਮੀ ਸਿੱਖ ਸੰਸਥਾਵਾਂ, ਸਿੰਘ ਸਭਾਵਾਂ, ਦੀਵਾਨਾਂ, ਸਭਾ ਸੁਸਾਇਟੀਆਂ ਅਤੇ ਦੇਸ਼-ਵਿਦੇਸ਼ ਵਿਚ ਵੱਸਦੇ ਸਿੱਖ ਵਿਦਵਾਨਾਂ ਅਤੇ ਬੁੱਧੀਜੀਵੀਆਂ ਨੂੰ ਆਪਣੇ ਸੁਝਾਅ ਭੇਜਣ ਦੀ ਅਪੀਲ ਕੀਤੀ ਜਾਂਦੀ ਹੈ।**



ਇਹ ਸੁਝਾਅ
ਮਿਤੀ 20 ਅਪ੍ਰੈਲ 2025 ਤੱਕ
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਨੂੰ ਦਸਤੀ ਰੂਪ ਵਿੱਚ ਜਾਂ
ਅਧਿਕਾਰਤ ਈਮੇਲ
info@sgpc.net ਅਤੇ
ਵੱਟਸਐਪ ਨੰਬਰ 77101-36200
'ਤੇ ਭੇਜੇ ਜਾਣ।

ਆਵਾਜ਼ਿ ਕੌਮ AWAZE QAUM International Newspaper & WEB TV

**ਵੱਲੋਂ: ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ**
ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਆਵਾਜ਼ਿ ਕੌਮ
AWAZE QAUM
International Newspaper & WEB TV
ਫਗਵਾੜਾ ਹਲਕੇ ਦੇ
ਪੰਥਕ ਨੁਮਾਇੰਦਿਆਂ ਦੀ ਵਿਸ਼ੇਸ਼ ਮੀਟਿੰਗ
12 ਅਪ੍ਰੈਲ ਦਿਨ ਸ਼ਨੀਵਾਰ ਦੁਪਿਹਰ 03:30 ਵਜੇ
ਭਾਈ ਘਨਈਆ ਜੀ ਸੇਵਾ ਸਿਮਰਨ ਕੇਂਦਰ, ਚਾਹਲ ਨਗਰ ਜੀ. ਟੀ. ਰੋਡ, ਫਗਵਾੜਾ
ਜਿਸ ਵਿੱਚ 2 ਦਸੰਬਰ 2024 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਹੁਕਮਨਾਮੇ ਤਹਿਤ ਫਗਵਾੜੇ ਇਲਾਕੇ ਵਿੱਚ ਮੁੜ ਪੰਥਕ ਸਿਆਸਤ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਪੁਨਰਸੁਰਜੀਤੀ ਲਈ ਭਰਤੀ ਮੁਹਿੰਮ ਦੀ ਸ਼ੁਰੂਆਤ ਹੋਵੇਗੀ।
ਵਿਸ਼ੇਸ਼ ਤੌਰ ਤੇ ਪਹੁੰਚ ਰਹੀਆ ਸ਼ਖਸ਼ੀਅਤਾਂ
ਬਾਬਾ ਸਰਬਜੋਤ ਸਿੰਘ ਬੇਦੀ ਜੀ
ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ
ਬਾਬਾ ਸੇਵਾ ਸਿੰਘ ਜੀ ਰਾਮਪੁਰ ਖੇੜਾ
ਸ. ਰਵੀ ਇੰਦਰ ਸਿੰਘ ਜੀ
ਫਗਵਾੜੇ ਦੀਆਂ ਸਿੱਖ ਜਥੇਬੰਦੀਆਂ ਵੱਲੋ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ।
ਆਪ ਸਭ ਨੂੰ ਪਰਿਵਾਰ ਅਤੇ ਸਾਥੀਆ ਸਣੇ ਪੁੱਜਣ ਦੀ ਵਿਸ਼ੇਸ਼ ਬੇਨਤੀ ਕੀਤੀ ਜਾਂਦੀ ਹੈ।
ਅਲਾਇੰਸ ਆਫ਼ ਸਿੱਖ ਆਰਗੇਨਾਈਜ਼ੇਸ਼ਨਜ਼ ਖ਼ਾਲਸਾ ਪਰਿਵਾਰ, ਫਗਵਾੜਾ
ਫੋਨ ਨੰ: 9855801984, 9914501984, 7205700009, 7205800009

ਖਾਲਸਾ ਅਕਾਲ ਪੁਰਖ ਕੀ ਫੌਜ ॥ ਪ੍ਰਗਟਿਓ ਖਾਲਸਾ ਪ੍ਰਮਾਤਮ ਕੀ ਮੌਜ ॥

# ਗੁਰੂ ਨਾਨਕ ਗੁਰਦੁਆਰਾ ਸਮੈਦਿਕ ਦੀ ਪ੍ਰਬੰਧਕ ਕਮੇਟੀ ਦੇ ਸੇਵਾਦਾਰਾਂ ਵੱਲੋਂ ਖਾਲਸਾ ਪੰਥ ਦੇ ਸਾਜਨਾ ਦਿਵਸ ਦੀ ਸਮੂਹ ਸਿੱਖ ਜਗਤ ਨੂੰ ਵਧਾਈ

## 13 ਅਪ੍ਰੈਲ ਐਤਵਾਰ ਨੂੰ ਵਿਸ਼ੇਸ਼ ਦੀਵਾਨ ਸਜਾਏ ਜਾਣਗੇ

ਗੁਰੂ ਰੂਪ ਸੰਗਤ ਜੀ, ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫ਼ਤਹਿ ॥

ਸਦੀਆਂ ਤੋਂ ਪੰਜਾਬੀ ਲੋਕ ਵਿਸਾਖੀ ਨੂੰ ਇਕ ਮੌਸਮੀ ਤਿਓਹਾਰ ਦੇ ਤੌਰ 'ਤੇ ਮਨਾਉਂਦੇ ਆ ਰਹੇ ਸਨ। 1699 ਦੀ ਵਿਸਾਖੀ ਮੌਕੇ ਗੁਰੂ ਗੋਬਿੰਦ ਸਿੰਘ ਜੀ ਨੇ ਜੋ ਕੌਤਕ ਵਰਤਾਇਆ ਉਹ ਸਿੱਖ ਕੌਮ ਨੂੰ ਸਦਾ ਵਾਸਤੇ ਇਸ ਦਿਹਾੜੇ ਨਾਲ ਜੋੜ ਗਿਆ। ਗੁਰੂ ਗੋਬਿੰਦ ਸਿੰਘ ਮਹਾਰਾਜ ਨੇ ਜਾਤ ਪਾਤ ਉਚ ਨੀਚ ਦਾ ਭੇਦ ਭਾਵ ਮਿਟਾਉਂਦੇ ਹੋਏ ਖੰਡੇ ਬਾਟੇ ਦਾ ਅੰਮ੍ਰਿਤ ਤਿਆਰ ਕੀਤਾ। ਖਾਲਸੇ ਨੂੰ ਇਕ ਰਹਿਤ ਮਰਿਯਾਦਾ ਬਖਸ਼ੀ ਗਈ । ਸਭ ਤੋਂ ਮਹਾਨ ਕੌਤਕ ਕਿ ਗੁਰੂ ਸਾਹਿਬ ਨੇ ਗੁਰੂ ਪੰਥ ਦੇ ਨੁਮਾਇੰਦੇ ਪੰਜ ਪਿਆਰਿਆਂ ਨੂੰ ਸਥਾਪਤ ਕਰਕੇ ਗੁਰੂ ਦਾ ਦਰਜਾ ਦਿੱਤਾ ਅਤੇ ਉਹਨਾਂ ਤੋਂ ਆਪ ਅੰਮ੍ਰਿਤ ਛੱਕਿਆ । ਸਮੂਹ ਸਾਧ ਸੰਗਤ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਗੁਰੂ ਘਰ ਵਿਖੇ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ ।

### ਖਾਲਸਾ ਪੰਥ ਦੇ ਸਿਰਜਣਾ ਦਿਵਸ ਸਬੰਧੀ ਸਮਾਗਮ

(ਹਾਲ ਨੰਬਰ 4 ਵਿੱਚ)

**ਅਰੰਭ ਸ੍ਰੀ ਅਖੰਡਪਾਠ ਸਾਹਿਬ 11 ਅਪ੍ਰੈਲ ਸ਼ੁੱਕਰਵਾਰ ਸਵੇਰੇ 5 ਵਜੇ**
**ਭੋਗ ਸ੍ਰੀ ਅਖੰਡਪਾਠ ਸਾਹਿਬ 13 ਅਪ੍ਰੈਲ ਐਤਵਾਰ ਸਵੇਰੇ 5 ਵਜੇ**

ਉਪਰੰਤ ਸਾਰਾ ਦਿਨ ਦੀਵਾਨ ਸਜਣਗੇ, ਜਿਸ ਦੌਰਾਨ ਗੁਰੂ ਘਰ ਦੇ ਹਜ਼ੂਰੀ ਰਾਗੀ ਜਥੇ, ਕੀਰਤਨੀ ਜਥੇ, ਕਥਾ ਵਾਚਕ, ਕਵੀਸ਼ਰ ਤੇ ਹੋਰ ਪ੍ਰਚਾਰਕ ਜਥੇ ਹਾਜ਼ਰੀ ਭਰਨਗੇ । ਗੁਰੂ ਕੇ ਅਤੁੱਟ ਲੰਗਰ ਵਰਤਣਗੇ ।

* ਅੰਮ੍ਰਿਤ ਸੰਚਾਰ 13 ਅਪ੍ਰੈਲ, ਐਤਵਾਰ ਨੂੰ 2:00 ਵਜੇ ਦੁਪਹਿਰੇ ਹੋਵੇਗਾ
* ਨਿਸ਼ਾਨ ਸਾਹਿਬ ਦੀ ਸੇਵਾ 13 ਅਪ੍ਰੈਲ, ਐਤਵਾਰ ਨੂੰ ਸਵੇਰੇ 5:00 ਕੀਤੀ ਜਾਵੇਗੀ







ਆਵਾਜ਼ਿ ਕੌਮ AWAZE QAUM International Newspaper & WEB TV






# ਸਿੱਖ ਪ੍ਰੰਪਰਾਵਾਂ ਦਾ ਸਤਿਕਾਰ ਬਹਾਲ ਕਰਵਾਉਣ ਦੀ ਆਸ ਰੱਖਣੀ ਨਿਰਾਰਥ...




ਸ਼ਮਸ਼ੇਰ ਸਿੰਘ ਜੇਠੂਵਾਲ

ਜਾਲ੍ਮ ਵਜੀਰ ਖਾਂ ਨੂੰ ਸੋਧ ਕੇ ਸਰਹੰਦ ਫਤਿਹ ਕਰਕੇ ਸਿੱਖ ਫੌਜਾਂ ਖੁਸ਼ੀ ਵਿਚ ਫੁਲੀਆਂ ਨਹੀ ਸਮਾ ਰਹੀਆਂ ਸਨ,ਦੂਜੇ ਪਾਸੇ ਬਾਬਾ ਬੰਦਾ ਸਿੰਘ ਬਹਾਦਰ ਕਰੁਣਾ ਰਸ ਵਿਚ ਲੀਨ ਭਾਈ ਆਲੀ ਸਿੰਘ ਤੋਂ ਸਾਹਿਬਜਾਦਿਆਂ ਦੇ ਸ਼ਹੀਦੀ ਅਸਥਾਨ ਦੀ ਜਗ੍ਹਾ ਪੁੱਛ ਉਥੇ ਸੀਸ ਝੁਕਾ ਕੇ ਅੱਖਾਂ ਚੋਂ ਪਵਿੱਤਰ ਹੰਝੂ ਵਹਾ ਰਹੇ ਸਨ,ਜਿਥੇ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਫਰਜੰਦ (ਛੋਟੇ ਸਾਹਿਬਜਾਦੇ) ਸ਼ਹੀਦ ਹੋਏ। ਬ੍ਰਹਮ ਵਿੱਦਿਆ ਅਨੁਸਾਰ ਮਨੁੱਖ ਦੀ ਸਮਝ ਦਾ ਤਲ ਭਗਤੀ ਬੰਦਗੀ ਰੱਬੀ ਬਖਸ਼ਿਸ਼ਾਂ ਅਤੇ ਪੁਰਬਲੇ ਕਰਮਾਂ ਤੇ ਆਧਾਰਿਤ ਹੁੰਦਾ ਹੈ। ਬਾਬਾ ਬੰਦਾ ਸਿੰਘ ਬਹਾਦਰ ਉਹ ਮਹਾਨ ਸਖਸ਼ੀਅਤ ਸਨ ਜਿੰਨਾ ਨੂੰ ਕਲਗੀਧਰ ਪਾਤਸ਼ਾਹ ਜੀ ਨੇ ਦੱਖਣ ਵਿਖੇ ਰੂਹਾਨੀ ਬਖਸ਼ਿਸ਼ਾਂ ਨਾਲ ਨਿਵਾਜਿਆ ਤੇ "ਪੰਜ ਤੀਰ" ਸ਼ਸ਼ਤਰਾਂ ਸਮੇਂਤ ਸਿੰਘ ਦੇ ਕੇ ਪੰਜਾਬ ਨੂੰ ਤੋਰਿਆ। ਏਹੀ ਬਖਸ਼ਿਸ਼ਾਂ ਦੀ ਕਰਾਮਾਤ ਸੀ ਕਿ ਮੁਗ਼ਲ ਹਕੂਮਤ ਅਤੇ ਬਾਈਧਾਰ ਦੇ ਰਾਜਿਆਂ ਦੀਆਂ ਲੱਖਾਂ ਫੌਜਾਂ ਜਿਸ ਵਜੀਰ ਖਾਂ ਦੀ ਪਿੱਠ ਤੇ ਖੜੀਆਂ ਸਨ ਉਹ ਵਜੀਦਾ ਮੁੱਠੀ ਭਰ ਸਿੰਘਾਂ ਦੇ ਰੋਹ ਅੱਗੇ ਖੜ੍ਹ ਨਾ ਸਕਿਆ ਤੇ ਪਾਗਲ ਕੁੱਤੇ ਦੀ ਮੌਤ ਮਾਰਿਆ ਗਿਆ। ਸਰਹੰਦ ਦੀ ਇਹ ਧਰਤੀ ਦਾ ਹਰ ਗਲ੍ਹੀ ਮੁਹੱਲਾ ਕਰੁਣਾ ਰਸ ਪੈਦਾ ਕਰਦਾ ਹੈ,ਕਿਤੇ ਸਾਹਿਬ ਜਾਦਿਆਂ ਦਾ ਸ਼ਹੀਦੀ ਅਸਥਾਨ, ਕਿਤੇ ਠੰਡੇ ਬੁਰਜ ਵਿਚ ਬੈਠੀ ਮਾਂ ਗੁਜਰੀ,ਕਿਤੇ ਭਾਈ ਟੋਡਰਮੱਲ ਵਲੋਂ ਮੋਹਰਾਂ ਦੇ ਕੇ ਸਸਕਾਰ ਲਈ ਖਰੀਦੀ ਜਗ੍ਹਾ ਦਾ ਪਵਿੱਤਰ ਅਸਥਾਨ, ਕਿਤੇ ਤੇਲੀਆਂ ਦਾ ਉਹ ਮੁਹੱਲਾ ਜਿਥੇ ਸ਼ਹੀਦ ਭਾਈ ਮੋਤੀ ਰਾਮ ਜੀ ਨੂੰ ਪਰਿਵਾਰ ਸਮੇਤ ਕੋਹਲੂ ਵਿਚ ਪੀੜਿਆ ਗਿਆ ਆਦਿ...ਇਹ ਖੇਡਾਂ ਅੰਤਰਮੁਖੀ ਹਨ,ਬਾਹਰਮੁਖੀ ਬੰਦੇ ਏਨਾ ਅਸਥਾਨਾ ਤੇ ਕਾਬਜ ਹੁੰਦੇ ਹੋਏ ਵੀ ਭਾਵਨਾ ਵਿਹੂਣੇ ਹੀ ਰਹਿੰਦੇ ਹਨ।

ਸਾਹਿਬਜਾਦਿਆਂ ਦੇ ਸ਼ਹੀਦੀ ਦਿਨਾਂ ਦਾ ਉਹ ਸਮਾਂ ਏਨਾ ਗਹਿਰ,ਗੰਭੀਰ ਅਤੇ ਕੋਮਲ ਭਾਵ ਵਾਲਾ ਹੁੰਦਾ ਕਿ ਸਿੱਖ ਅੱਖ ਚੋਂ ਡਿਗਿਆ ਇਕ ਅੱਥਰੂ ਜਨਮਾਂ ਜਨਮਾਂ ਦੀ ਮੈਲ ਧੋਣ ਦੇ ਸਮਰੱਥਾ ਹੁੰਦਾ ਹੈ,ਪਰ ਨਾਮਬਾਣੀਂ ਦੀ ਕਮਾਈ ਤੇ ਰੱਬੀ ਬਖਸ਼ਿਸ਼ਾਂ ਬਿਨਾਂ ਇਹ ਖੇਡਾਂ ਸੰਭਵ ਹੀ ਨਹੀ। ਪੱਛਮ ਦੇ ਨਜਰੀਏ ਦੀਆਂ ਮਾਨਤਾਵਾਂ ਨਾਲ ਖਾਲਸਾ ਪੰਥ ਦੀ ਕੀਤੀ ਵਿਆਖਿਆ ਤੇ ਏਨਾ ਵਿਦਿਆਲਿਆ ਚੋਂ ਨਿਕਲੇ ਬੰਦੇ ਤਾਂ ਹੀ ਟਪਲਾ ਖਾ ਜਾਂਦੇ ਹਨ,ਅਭਿਆਸੀ ਗੁਰਸਿੱਖਾਂ ਦਾ ਮੰਨਣਾ ਹੈ ਕਿ ਇਹ ਕਦੇ ਵੀ ਸਫਲ ਨਹੀ ਹੋਣਗੇ।

ਉਹ ਟਪਲਾ ਖਾਣਗੇ ਹੀ ਖਾਣਗੇ।
ਭਗਤ ਕਬੀਰ ਜੀ ਦਾ ਫੁਰਮਾਨ ਹੈ
ਕਬੀਰ ਮਾਇ ਮੂੰਡਊ ਤਿਹ ਗੁਰੂ ਕੀ ਜਾ ਕੇ ਭਰਮੁ ਨ ਜਾਇ।
ਆਪ ਡੁਬੇ ਚਹੁ ਬੇਦ ਮਹਿ ਚੇਲੇ ਦੀਏ ਬਹਾਇ ।

ਸ਼ੇਖ ਸਾਅਦੀ ਲਿਖਦੇ ਹਨ ਕਿ ਜਿਹੜਾ ਵਿਅਕਤੀ ਬੇਲੋੜ੍ਹਾ ਬੋਲਦਾ ਹੈ ਤੇ ਜਿਥੇ ਬੋਲਣਾਂ ਉਥੇ ਬੋਲਣ ਵੇਲੇ ਚੁੱਪ ਰਹਿੰਦਾ ਹੈ,ਉਸ ਤੋਂ ਇਕ ਗੂੰਗਾ ਵਿਅਕਤੀ ਚੰਗਾ ਹੈ। ਸਿੱਖਾਂ ਦੀ ਸਿਰਮੌਰ ਸੰਸਥਾ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਗਿਆਨੀ ਹਰਪਾਲ ਸਿੰਘ ਫਤਿਹਗੜ੍ਹ ਸਾਹਿਬ ਵਾਲਿਆਂ ਦਾ ਸਨਮਾਨ ਹੋਣ ਜਾ ਰਿਹਾ,ਇਸਤੋਂ ਪਹਿਲਾਂ ਵੀ ਜਦੋਂ ਬੀਬੀ ਜਗੀਰ ਕੌਰ ਪ੍ਰਧਾਨ ਬਣੇ ਸਨ ਉਨ੍ਹਾਂ ਸਾਰੇ ਮਿਸ਼ਨਰੀ ਕਾਲਜਾਂ ਦੇ ਬੰਦੇ ਸੱਦ ਪੰਥ ਦੀ ਸਰਵ ਉੱਚ ਸਟੇਜ ਦੀਵਾਨ ਹਾਲ ਮੰਜੀ ਸਾਹਿਬ ਤੋਂ ਸਨਮਾਨ ਦਿੱਤਾ ਸੀ। ਆਓ ਗੱਲ ਕਰਦੇ ਹਾਂ ਗਿਆਨੀ ਹਰਪਾਲ ਸਿੰਘ ਜੀ ਦੇ ਸਨਮਾਨ ਅਤੇ ਵਰਤਮਾਨ ਪੰਥਕ ਚੁਣੌਤੀਆਂ ਬਾਰੇ ਗੁਰੂ ਕੇ ਸਿੱਖ ਪਿਛਲੇ ਡੇਢ-ਦੋ ਦਹਾਕਿਆਂ ਤੋਂ ਗੁਰਬਾਣੀ-ਇਤਿਹਾਸ ਤੇ ਕੁੱਤਰਕਾਂ ਕਰਨ ਵਾਲੇ ਨਿੰਦਕਾਂ ਹੱਥੋਂ ਬਹੁਤ ਪ੍ਰੇਸ਼ਾਨ ਹਨ ਜਿੰਨਾ ਦੀਆਂ ਅਨੇਕਾਂ ਸ਼ਿਕਾਇਤਾਂ ਪਿਛਲੇ ਸਮੇਂ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਪਹੁੰਚੀਆਂ ਹਨ ਬਚਨੇ ਨਰਕਧਾਰੀ ਤੋਂ ਬਾਅਦ ਪੰਥ ਚੋਂ ਛੇਕੇ ਜਾਣ ਵਾਲੇ ਜਿਆਦਾਤਰ ਆਗੂ ਮਿਸ਼ਨਰੀ ਅਕਾਸ਼ ਗੰਗਾ ਦੇ ਧਰੂ ਤਾਰੇ ਹੀ ਹਨ,ਜਿਵੇਂ ਗੁਰਬਖਸ਼ ਕਾਲਾ ਅਫਗਾਨਾ,ਰਾਗੀ ਦਰਸ਼ਨ,ਹਰਜਿੰਦਰ ਦਲਗੀਰ, ਇੰਦਰ ਘੱਗਾ,ਜੋਗਿੰਦਰ ਸਪੋਕਸਮੈਨ,ਹਰਨੇਕ ਨੇਕੀ ਆਦਿ ਇਕ ਪਾਸੇ ਤਾਂ ਪੰਥ ਬਾਹਰਲੇ ਦੁਸ਼ਮਣਾਂ ਨਾਲ ਜੂਝ ਰਿਹਾ ਜੋ ਸਿੱਖਾਂ ਦੇ ਨਾਇਕਾਂ ਨੂੰ ਬਦਨਾਮ ਕਰਕੇ ਪੂਰੇ ਪੰਥ ਦੀ ਪਛਾਣ ਤੇ ਸਵਾਲੀਆ ਨਿਸ਼ਾਨ ਲਾਉਣ ਤੋਂ ਗੁਰੇਜ਼ ਨਹੀ ਕਰਦੇ ਦੂਜੇ ਪਾਸੇ ਅੰਦਰੋਂ ਅੰਦਰ ਇਹ ਲੋਕ ਆਪਣੀਆਂ ਕੂੜ ਲਿਖਤਾਂ ਵਿਚ ਨਿੱਤਨੇਮ, ਅੰਮ੍ਰਿਤ ਸੰਚਾਰ,ਸਿੱਖ ਸ੍ਰੋਤ ਗੁਰ ਇਤਿਹਾਸ,ਸ੍ਰੀ ਅਕਾਲ ਤਖ਼ਤ ਸਾਹਿਬ ਦੀ ਹੋਂਦ ਰੱਦ ਕਰ ਚੁੱਕੇ ਹਨ ਜਥੇਦਾਰ ਸਾਹਿਬ ਦੀ ਸਤਿਕਾਰਤ ਪਦਵੀ ਦਾ ਕੋਝਾ ਮਜਾਕ ਬਣਾਉਦੇ ਆ ਰਹੇ ਹਨ,ਜਿੰਨਾ ਬਾਰੇ ਮਿਸ਼ਨਰੀ ਕਾਲਜਾਂ ਵਲੋਂ ਕੋਈ ਸਪੱਸ਼ਟੀਕਰਨ ਤਾਂ ਦੂਰ ਉਲਟਾ ਇਹ ਪੰਥ ਚੋਂ ਖਾਰਜ ਬੰਦੇ ਆਪਣੇ ਮੰਚ ਤੇ ਮੁੱਖ ਮਹਿਮਾਨ ਤੱਕ ਬਣਾ ਕੇ ਬੈਠਾਏ ਹੁੰਦੇ ਹਨ,ਇਹਨਾਂ ਦੀਆਂ ਕੂੜ ਲਿਖਤਾਂ ਮਿਸ਼ਨਰੀ ਕਾਲਜਾਂ ਦੀਆਂ ਲਾਇਬ੍ਰੇਰੀਆਂ ਭਰੀਆਂ ਪਈਆਂ ਹਨ ਜਿੰਨਾ ਹਾਲਾਤਾਂ ਨੂੰ ਵੇਖਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 16 ਮਈ 2016 ਨੂੰ ਮਿਸ਼ਨਰੀ ਕਾਲਜਾਂ ਦਾ ਸਿਲੇਬਸ ਚੈੱਕ ਕਰਨ ਦਾ ਲਿਖ਼ਤੀ ਆਦੇਸ਼ ਹੁਕਮਨਾਮਾ ਜਾਰੀ ਕਰਕੇ ਹੋਇਆ ਸੀ,ਜਿਸ ਵਿਚ ਅੰਕਿਤ ਕੀਤਾ ਗਿਆ ਸੀ ਕਿ ਜਿਹੜੇ ਮਿਸ਼ਨਰੀ ਕਾਲਜ ਗੁਰਮਤਿ ਅਨੁਕੂਲ ਵਿੱਦਿਆ ਨਹੀ ਦੇ ਰਹੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਉਨ੍ਹਾਂ ਦੀ ਮਾਨਤਾ ਰੱਦ ਕੀਤੀ ਜਾਵੇਗੀ ਪਰ ਹੋ ਕੀ ਰਿਹਾ ਸਨਮਾਨ ਤੇ ਸਨਮਾਨ ।ਗਿਆਨੀ ਹਰਪਾਲ ਜੀ ਇਸ ਵਕਤ ਪੰਥ ਦੀ ਬਹੁਤ ਸਤਿਕਾਰਯੋਗ ਪਦਵੀ ਤੇ ਬਿਰਾਜਮਾਨ ਹਨ,ਪਾਵਨ ਅਸਥਾਨ ਜਿਥੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਪਾਤਿਸ਼ਾਹ ਜੀ ਦੇ ਲਖ਼ਤੇ ਜਿਗਰ ਸਾਹਿਬ ਬਾਬਾ ਜੋਰਾਵਰ ਸਿੰਘ ਸਾਹਿਬ ਬਾਬਾ ਫਤਿਹ ਸਿੰਘ ਸਾਹਿਬਜਾਦਿਆਂ ਦੀਆਂ ਸ਼ਹਾਦਤਾਂ ਹੋਈਆਂ ਐਸੇ ਮਹਾਨ ਅਸਥਾਨ ਅਤੇ ਐਸੀਆਂ ਪਦਵੀਆਂ ਤੇ ਬਿਰਾਜਮਾਨ ਸਖਸ਼ੀਅਤਾਂ ਤੋਂ ਪੰਥ ਨੂੰ ਬਿਪਤਾ ਸਮੇਂ ਬਹੁਤ ਆਸਾਂ ਉਮੀਦਾਂ ਹੁੰਦੀਆਂ ਹਨ ।ਪੰਥ ਦੇ ਤਿੰਨ ਸਦੀਆਂ ਦੇ ਇਤਿਹਾਸ ਨੂੰ ਘੋਖਿਆ ਜਾਵੇ ਤਾਂ ਗੁਰੂ ਕਾਲ ਤੋਂ ਬਾਅਦ ਦੇ ਇਤਿਹਾਸ ਵਿਚ ਸ਼ਾਇਦ ਇਹ ਪਹਿਲਾ ਸਮਾਂ ਹੋਵੇਗਾ ।ਜਦੋਂ ਸਿੱਖੀ ਭੇਸ ਵਿੱਚ ਲੁਕੇ ਪੰਥ ਦੋਖੀਆਂ ਵਲੋਂ ਅੰਮ੍ਰਿਤ ਸੰਚਾਰ ਦੀ ਮਰਿਯਾਦਾ ਦਾ ਖੰਡਨ ਕਰਕੇ ਗੁਰੂ ਕਲਗੀਧਰ ਪਾਤਸ਼ਾਹ ਜੀ ਦੇ ਸ਼ਰੀਕ ਬਣਨ ਦੀ ਕੋਝੀ ਕੋਸ਼ਿਸ਼ ਕੀਤੀ ।ਦਸਮੇਸ਼ ਪਿਤਾ ਜੀ ਦੀ ਸਾਰੀ ਬਾਣੀ ਨੂੰ ਮੁੱਢੋਂ ਨਕਾਰਿਆ ਗਿਆ,ਆਪਣੇ ਵਿਰੋਧੀਆਂ ਨੂੰ ਨਿਸ਼ਾਨਾ ਬਣਾਉਣ ਲਈ ਚੂੜਾਮਣੀਂ ਕਵੀ ਭਾਈ ਸੰਤੋਖ ਸਿੰਘ ਜੀ ਦੀ ਮਹਾਨ ਕ੍ਰਿਤ ਸ੍ਰੀ ਗੁਰ ਪ੍ਰਤਾਪ ਸੂਰਜ ਗ੍ਰੰਥ ਦੀ ਆੜ੍ਹ ਰਾਂਹੀ ਸਟੇਜਾਂ ਤੋਂ ਗੁਰੂ ਸਾਹਿਬ ਜੀ ਅਤੇ ਮਹਾਨ ਸਖਸ਼ੀਅਤਾਂ ਨੂੰ ਘਟੀਆ ਸ਼ਬਦਾਵਲੀ ਰਾਂਹੀ ਭੰਡਿਆ ਗਿਆ,ਕੌਮੀਂ ਘਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ,ਅੰਮ੍ਰਿਤ ਸਰੋਵਰ ਦਾ ਖੰਡਨ ਕਰਕੇ,ਸਰਵਉੱਚ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਆਮ ਇਮਾਰਤਾਂ ਕਹਿ ਨਿਰਾਦਰ ਕੀਤਾ ਗਿਆ,ਧੁਰ ਕੀ ਬਾਣੀਂ ਦੇ ਸਿਧਾਂਤ ਨੂੰ ਨਕਾਰਕੇ ਗੁਰਬਾਣੀ ਦੇ ਅਰਥਾਂ ਦੇ ਅਨਰਥ ਕੀਤੇ ਗਏ,ਇਲਾਹੀ ਕੌਤਕਾਂ ਨੂੰ ਭੰਡਕੇ ਗੁਰੂ ਸਾਹਿਬ ਜੀ ਨੂੰ ਹੀ ਕਟਹਿਰੇ ਵਿਚ ਖੜ੍ਹਾ ਕੀਤਾ ਗਿਆ ਉਪਰੋਕਤ ਹਮਲਿਆਂ ਲਈ ਪੰਥ ਦਾ ਹਰ ਸੁਹਿਰਦ ਸਿੱਖ ਅਤੇ ਮਾਣਮੱਤੀਆਂ ਪੰਥਕ ਸੰਸਥਾਵਾਂ ਇਹ ਸਾਰੇ ਬੌਧਿਕ ਹਮਲਿਆਂ ਵਿਚ ਘਿਰੀ ਸਿੱਖ ਨੌਜਵਾਨੀ ਲਈ ਚਿੰਤਤ ਹਨ ।ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸਮੁੱਚੇ ਸੰਸਾਰ ਭਰ ਚੋਂ ਐਸੇ ਘਟੀਆ ਪ੍ਰਚਾਰ ਵਿਰੁੱਧ ਸੈਂਕੜੇ ਸ਼ਿਕਾਇਤਾਂ ਪਹੁੰਚੀਆਂ ਹਨ,ਦੇਸ਼ਾਂ-ਵਿਦੇਸ਼ਾਂ ਵਿਚ ਨਿੰਦਿਆ ਕਰਨ ਵਾਲੇ ਪ੍ਰਚਾਰਕਾਂ ਵਿਰੁੱਧ ਇਕੱਠ ਕਰਕੇ ਬਾਈਕਾਟ ਤੱਕ ਕੀਤੇ ਜਾਂਦੇ ਹਨ,ਵਿਵਾਦਤ ਪ੍ਰਚਾਰਕਾਂ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਕਈਆਂ ਨੂੰ ਬੈਂਨ ਕੀਤਾ ਗਿਆ ।ਪਰ ਸਭ ਕੁਝ ਤੋਂ ਅਣਜਾਣ ਪੰਥ ਦੇ ਆਗੂ ਪਤਾ ਨਹੀ ਕਿਹੜੇ ਸਤਵੇਂ ਅਸਮਾਨ ਤੇ ਰਹਿੰਦੇ ਹਨ,ਜਿੰਨਾਂ ਨੂੰ ਸਿੱਖ ਭਾਵਨਾਵਾਂ ਦਾ ਰਤੀ ਭਰ ਵੀ ਅਹਿਸਾਸ ਹੀ ਨਹੀ,ਦੋ ਸ਼ਬਦ ਕਹਿ ਕੇ ਖਹਿੜਾ ਛੁਡਾ ਲੈਂਦੇ ਹਨ ਕਿ ਇਹ ਸਾਡੇ ਆਪਣੇ ਮਸਲੇ ਹਨ ।ਅੱਖੀਂ ਡਿੱਠੇ ਵਰਤਾਰੇ ਦੀ ਗੱਲ ਕਰਦਾ ਹਾਂ ਦੋ ਵਰ੍ਹੇ ਪਹਿਲਾਂ "ਸਿੰਘ ਸਾਹਿਬ" ਗਿਆਨੀ ਹਰਪ੍ਰੀਤ ਸਿੰਘ ਜੀ ਵਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਕੂੜ ਪ੍ਰਚਾਰ ਦੀਆਂ ਸ਼ਿਕਾਇਤਾਂ ਤੋਂ ਬਾਅਦ ਕਿਸੇ ਨਤੀਜੇ ਤੇ ਪਹੁੰਚਣ ਲਈ ਸਿੱਖ ਪ੍ਰਚਾਰਕਾਂ ਦਾ ਇਕੱਠ ਸੱਦਿਆ ਗਿਆ,ਜਿਸ ਵਿਚ ਵੱਖ-ਵੱਖ ਧਿਰਾਂ ਦੇ ਬੁਲਾਰਿਆਂ ਸੋਹਣੇ ਵਿਚਾਰ ਰੱਖੇ ।ਸਿੰਘ ਸਾਹਿਬ ਜੀ ਵਲੋਂ ਸਭ ਨੂੰ ਬੇਨਤੀ ਕੀਤੀ ਸੀ ਕਿ ਗੁਰਮਤਿ ਅਨੁਕੂਲ ਆਪਣੇ ਵਿਚਾਰ ਰੱਖਣੇ ਹਨ,ਕਿਸੇ ਵੀ ਬੁਲਾਰੇ ਦੀ ਗੱਲ ਨੂੰ ਦੂਸਰਾ ਬੁਲਾਰਾ ਨਕਾਰਨ ਦੀ ਕੋਸ਼ਿਸ਼ ਨਾ ਕਰੇ ।ਪਰ ਮੈਨੂੰ ਬੜੀ ਹੈਰਾਨੀ ਹੋਈ ਜਦੋਂ ਗਿਆਨੀ ਹਰਪਾਲ ਸਿੰਘ ਜੀ ਵਲੋਂ ਗਿਆਨੀ ਕੁਲਵੰਤ ਸਿੰਘ ਲੁਧਿਆਣਾ ਤੇ ਬੇਹੱਦ ਘਟੀਆ ਟਿੱਪਣੀ ਕੀਤੀ ਗਈ । ਮੀਟਿੰਗ ਦੇ ਪ੍ਰੋਟੋਕੋਲ ਦੀ ਉਲੰਘਣਾ ਕਰਕੇ ਗਿਆਨੀ ਹਰਪਾਲ ਸਿੰਘ ਜੀ ਦੇ ਗਿਆਨੀ ਕੁਲਵੰਤ ਸਿੰਘ ਲੁਧਿਆਣਾ ਨੂੰ ਬੋਲ ਸਨ "ਕਿ ਗਿਆਨੀ ਜੀ ਤੁਸੀ ਕੌਮ ਨੂੰ ਲੜਾ ਲੜਾ ਮਰਵਾ ਦਿਓਗੇ...?" ਉਥੇ ਬੈਠੇ ਕੁਝ ਪ੍ਰਚਾਰਕਾਂ ਏਨਾ ਦੇ ਹੱਕ ਵਿੱਚ ਜੈਕਾਰੇ ਛੱਡਣੇ ਸ਼ੁਰੂ ਕਰ ਦਿੱਤੇ ।ਪਰ ਮੈਂ ਸ਼ਰਮ ਵਿਚ ਪਾਣੀਂ-ਪਾਣੀਂ ਸੀ ਤੇ ਸੋਚ ਰਿਹਾ ਸੀ ਕਿ ਗਿਆਨੀ ਕੁਲਵੰਤ ਸਿੰਘ ਜੀ ਨੂੰ ਕਸੂਰਵਾਰ ਇਸ ਲਈ ਮੰਨਿਆ ਜਾ ਰਿਹਾ ਹੈ ਕਿ ਉਨ੍ਹਾਂ ਸਿੱਖ ਧਰਮ ਦੀਆਂ ਪ੍ਰੰਪਰਾਵਾਂ ਰਵਾਇਤਾਂ ਤੋਂ ਉਲਟ ਮਿਸ਼ਨਰੀ ਪ੍ਰਚਾਰ ਦੀ ਸ਼ਿਕਾਇਤ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਕੀਤੀ ਹੈ। ਗਿਆਨੀ ਕੁਲਵੰਤ ਸਿੰਘ ਜੀ ਕਿਤੇ ਵੀ ਨਾ ਤਾਂ ਗਲਤ ਬੋਲ ਰਹੇ ਹਨ,ਨਾ ਗਲਤ ਕਰ ਰਹੇ ਹਨ,ਪਹਿਲਾਂ ਤਾਂ ਮੈਂ ਮੀਟਿੰਗ ਵਿਚ ਉੱਠ ਕੇ ਵਿਰੋਧ ਜਤਾਉਣ ਲੱਗਾ ਸੀ ਕਿ ਗਿਆਨੀ ਜੀ ਤੁਹਾਨੂੰ ਐਸੀ ਟਿੱਪਣੀ ਨਾ ਤਾਂ ਮੀਟਿੰਗ ਦੇ ਅਨੁਸ਼ਾਸਨ ਮੁਤਾਬਕ ਸ਼ੋਭਦੀ ਹੈ ਨਾ ਹੀ ਪਦਵੀ ਮੁਤਾਬਕ,ਪਰ ਮੀਟਿੰਗ ਦੇ ਅਨੁਸ਼ਾਸਨ ਕਾਰਨ ਮੈਂ ਚੁੱਪ ਬੈਠਾ ਰਿਹਾ,ਮੇਰੇ ਮਨ ਵਿਚ ਅੱਜ ਵੀ ਰੋਸ ਇਹ ਹੈ ਕਿ ਮੋਟੀਆਂ ਤਨਖਾਹਾਂ ਤੇ ਸਰਕਾਰੀ ਗੱਡੀਆਂ ਤੇ ਘੁੰਮਣ ਵਾਲੇ ਜਥੇਦਾਰ ਜੇਕਰ ਨਿੰਦਕ ਲਾਣੇਂ ਵਿਰੁੱਧ ਸੰਘਰਸ਼ ਕਰਨ ਵਾਲਿਆਂ ਨੂੰ ਕਟਹਿਰੇ ਵਿਚ ਖੜ੍ਹਾ ਕਰਨਗੇ ਤਾਂ ਸਿੱਖ ਸਿਧਾਂਤ ਲਈ ਕੌਣ ਲੜੇਗਾ....? ਜਿਆਦਾਤਰ ਨਿੰਦਕਾਂ ਦਾ ਨਿਸ਼ਾਨਾ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਜਥੇਦਾਰ ਦੀ ਸਤਿਕਾਰਤ ਪਦਵੀ ਹੀ ਹੈ,ਜੋ ਮਨੁੱਖ ਆਪਣੇ ਅਹੁਦੇ ਦੇ ਸਤਿਕਾਰ ਬਹਾਲ ਨਹੀ ਰੱਖ ਸਕਦੇ ਤਾਂ ਏਨਾ ਤੋਂ ਗੁਰੂ ਸਾਹਿਬ ਗੁਰਬਾਣੀ ਗੁਰ ਇਤਿਹਾਸ ਸਿੱਖ ਪ੍ਰੰਪਰਾਵਾਂ ਦਾ ਸਤਿਕਾਰ ਬਹਾਲ ਕਰਵਾਉਣ ਦੀ ਆਸ ਰੱਖਣੀ ਨਿਰਾਰਥ ਹੈ। ••




ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਵੈਸਾਖੀ ਜੋੜ ਮੇਲਾ

ਖਾਲਸਾ ਦਾ ਪ੍ਰਗਟ ਦਿਹਾੜਾ, ਪਵਿੱਤਰ ਸੰਗਰਾਂਦ ਦਿਹਾੜਾ 13 ਅਪ੍ਰੈਲ ਨੂੰ ਹੈ



ਜੋੜ ਮੇਲਾ ਗੁਰੂ ਕੀ ਕਾਸ਼ੀ (ਦਮਦਮਾ ਸਾਹਿਬ) ਨਕਲੀ ਨਿਰੰਕਾਰੀ ਕਾਂਡ 'ਚ 13 ਸਿੰਘਾਂ ਦੀ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

☛ 12 ਅਪ੍ਰੈਲ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ।

13 ਅਪ੍ਰੈਲ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੌਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਰੂਪ ਸਿੰਘ ਦਮਦਮੀ ਟਕਸਾਲ ਵਾਲੇ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਨਿਊਜ਼ੀਲੈਂਡ ਦੇ ਸਿੱਖਾਂ ਨੇ ਸਿਮਰਨਜੀਤ ਸਿੰਘ ਮਾਨ ਵਲੋਂ

# ਡਾ. ਅੰਬੇਡਕਰ ਬਾਰੇ ਦਿੱਤੇ ਬਿਆਨ ਤੇ ਕੀਤਾ ਚਿੰਤਾਵਾਂ ਦਾ ਪ੍ਰਗਟਾਵਾ



**ਨਵੀਂ ਦਿੱਲੀ 10 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਨਿਊਜੀਲੈਂਡ ਦੇ ਸਿੱਖਾਂ ਨੇ ਸਾਬਕਾ ਪਾਰਲੀਮੈਂਟ ਮੈਂਬਰ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ ਵਲੋਂ ਡਾ. ਬੀ.ਆਰ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਬਾਰੇ ਹਾਲੀਆ ਬਿਆਨ ਬਾਰੇ ਚਿੰਤਾ ਦਾ ਪ੍ਰਗਟਾਵਾ ਕੀਤਾ ਹੈ । ਪਾਤਸ਼ਾਹੀ ਦਾਵਾ ਅਤੇ ਸਿੱਖਸ ਔਫ ਨਿਊਜ਼ੀਲੈਂਡ ਵਲੋਂ ਰਵਿੰਦਰ ਸਿੰਘ ਜੋਹਲ ਵਲੋਂ ਸਰਦਾਰ ਮਾਨ ਨੂੰ ਲਿਖੇ ਪੱਤਰ ਵਿਚ ਕਿਹਾ ਕਿ ਡਾ ਅੰਬੇਡਕਰ ਨੂੰ ਰੰਗਰੇਟਾ ਸਿੱਖਾਂ ਦੇ ਨੇਤਾ ਵਜੋਂ ਦਰਸਾਇਆ ਗਿਆ ਤੁਹਾਡਾ ਚਿੱਤਰਣ ਇਤਿਹਾਸਕ ਤੌਰ 'ਤੇ ਗਲਤ ਹੈ - ਉਹ ਸਿੱਖ ਨਹੀਂ ਸਨ, ਪੰਜਾਬ ਤੋਂ ਨਹੀਂ ਸਨ, ਅਤੇ ਅੰਤ ਵਿੱਚ ਬੁੱਧ ਧਰਮ ਅਪਣਾ ਲਿਆ ਸੀ। ਉਨ੍ਹਾਂ ਨੂੰ ਸਿਰਫ਼ ਜਾਤ ਦੇ ਆਧਾਰ 'ਤੇ ਸਿੱਖ ਇਤਿਹਾਸ ਨਾਲ ਜੋੜਨਾ ਗੁੰਮਰਾਹਕੁੰਨ ਹੈ ਅਤੇ ਸਿੱਖ ਧਰਮ ਦੁਆਰਾ ਜਾਤ-ਅਧਾਰਤ ਪਛਾਣ ਨੂੰ ਰੱਦ ਕਰਨ ਦੇ ਵਿਰੁੱਧ ਹੈ। ਤੁਸੀਂ ਇਹ ਵੀ ਦਾਅਵਾ ਕੀਤਾ ਸੀ ਕਿ ਉਨ੍ਹਾਂ ਦੇ ਬੁੱਤ 'ਤੇ "ਸਿੱਖ ਹਿੰਦੂ ਨਹੀਂ ਹਨ" ਲਿਖਣਾ ਇੱਕ ਅਪਮਾਨ ਹੈ। ਪਰ ਅੰਬੇਡਕਰ ਇੱਕ ਸਿਆਸਤਦਾਨ ਸਨ, ਧਾਰਮਿਕ ਹਸਤੀ ਨਹੀਂ, ਅਤੇ ਇਹ ਨਾਅਰਾ ਭਾਰਤੀ ਸੰਵਿਧਾਨ ਦੀ ਧਾਰਾ 25(ਬੀ) ਦੇ ਵਿਰੁੱਧ ਇੱਕ ਜਾਇਜ਼ ਵਿਰੋਧ ਹੈ, ਜਿਸਨੂੰ ਉਨ੍ਹਾਂ ਨੇ ਲਿਖਿਆ ਸੀ ਅਤੇ ਜੋ ਸਿੱਖਾਂ ਨੂੰ ਹਿੰਦੂਆਂ ਵਜੋਂ ਸ਼੍ਰੇਣੀਬੱਧ ਕਰਦਾ ਹੈ। ਇਸ ਮੁੱਖ ਮੁੱਦੇ ਨੂੰ ਨਜ਼ਰਅੰਦਾਜ਼ ਕਰਨਾ ਸਿੱਖ ਪਛਾਣ ਅਤੇ ਪ੍ਰਭੂਸੱਤਾ ਲਈ ਸੰਘਰਸ਼ ਤੋਂ ਭਟਕਦਾ ਹੈ। ਨਿਊਜ਼ੀਲੈਂਡ ਵਿੱਚ ਸਿੱਖ ਭਾਈਚਾਰੇ ਦੇ ਮੈਂਬਰਾਂ ਵਜੋਂ, ਅਸੀਂ ਐਡਵੋਕੇਟ ਪੰਨੂ ਦੀ ਅਗਵਾਈ ਵਿੱਚ ਚਲ ਰਹੇ ਸ਼ਾਂਤਮਈ ਰੈਫਰੈਂਡਮ ਦਾ ਸਮਰਥਨ ਕਰਦੇ ਹਾਂ ਤੇ ਤੁਹਾਡੀ ਜਾਣਕਾਰੀ ਲਈ ਦਸ ਰਹੇ ਹਾਂ ਕਿ ਬੀਤੀ 17 ਨਵੰਬਰ ਨੂੰ ਇਥੋਂ ਦੀ ਕੁਲ ਸਿੱਖਾਂ ਦੀ ਅਬਾਦੀ ਵਿੱਚੋ 37,500 ਤੋਂ ਵੱਧ ਸਿੱਖਾਂ ਨੇ ਖਾਲਿਸਤਾਨ ਲਈ ਵੋਟ ਪਾਈ ਸੀ । ਸਾਨੂੰ ਦਸਿਆ ਜਾਏ ਕਿ ਤੁਸੀਂ ਸਿੱਖ ਪ੍ਰਭੂਸੱਤਾ ਤੋਂ ਇਨਕਾਰ ਕਰਨ ਵਾਲੇ ਸੰਵਿਧਾਨ ਦਾ ਬਚਾਅ ਕਰਦੇ ਹੋਏ ਖਾਲਿਸਤਾਨ ਪ੍ਰਾਪਤ ਕਰਨ ਦਾ ਇਰਾਦਾ ਕਿਵੇਂ ਰੱਖਦੇ ਹੋ ? ਤੁਹਾਡਾ ਇਹ ਦੋਸ਼ ਕਿ ਸ੍ਰੀ ਪੰਨੂ ਜਾਤੀ ਨਫ਼ਰਤ ਫੈਲਾਉਂਦੇ ਹਨ, ਬੇਬੁਨਿਆਦ ਜਾਪਦਾ ਹੈ। ਉਨ੍ਹਾਂ ਦੇ ਸੰਦੇਸ਼ ਨੇ ਦਲਿਤਾਂ ਨੂੰ ਜਾਤੀਵਾਦ ਨੂੰ ਰੱਦ ਕਰਨ ਅਤੇ ਬਾਬਾ ਰਵਿਦਾਸ ਦੇ ਸਮਾਨਤਾ ਦੇ ਮਾਰਗ 'ਤੇ ਚੱਲਣ ਲਈ ਉਤਸ਼ਾਹਿਤ ਕੀਤਾ - ਇੱਕ ਸੰਦੇਸ਼ ਜੋ ਸਿੱਖ ਕਦਰਾਂ-ਕੀਮਤਾਂ ਨਾਲ ਮੇਲ ਖਾਂਦਾ ਹੈ। ਅਸੀਂ ਤੁਹਾਨੂੰ ਆਪਣਾ ਸਟੈਂਡ ਸਪੱਸ਼ਟ ਕਰਨ ਦੀ ਤਾਕੀਦ ਕਰਦੇ ਹਾਂ ਕਿਉਕਿ ਸਿੱਖ ਲੀਡਰਸ਼ਿਪ ਨੂੰ ਸੱਚਾਈ, ਗੁਰਮਤਿ ਅਤੇ ਪ੍ਰਭੂਸੱਤਾ ਦੀ ਭਾਵਨਾ 'ਤੇ ਖੜ੍ਹਾ ਹੋਣਾ ਚਾਹੀਦਾ ਹੈ।

**ਡਾ ਅੰਬੇਡਕਰ ਨੂੰ ਸਿਰਫ਼ ਜਾਤ ਦੇ ਆਧਾਰ 'ਤੇ ਸਿੱਖ ਇਤਿਹਾਸ ਨਾਲ ਜੋੜਨਾ ਗੁੰਮਰਾਹਕੁੰਨ**

### ਕੈਬਨਿਟ ਮੰਤਰੀ ਈ.ਟੀ.ਓ. ਨੇ ਉਸਮਾਂ ਵਿਖੇ

# 65 ਲੱਖ ਦੇ ਕੰਮਾ ਦਾ ਕੀਤਾ ਰਸਮੀਂ ਉਦਘਾਟਨ




**ਚੌਂਕ ਮਹਿਤਾ, 10 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਲਕਾ ਜੰਡਿਆਲਾ ਗੁਰੂ ਅੰਦਰ ਵਿਕਾਸ ਕਾਰਜ ਬੜੀ ਤੇਜ ਰਫਤਾਰ ਨਾਲ ਅੱਗੇ ਵੱਧ ਰਹੇ ਹਨ, ਆਉਣ ਵਾਲੇ 2 ਸਾਲਾਂ ਵਿਚ ਹਲਕੇ ਦੀ ਕੋਈ ਵੀ ਸੜਕ ਕੱਚੀ ਨਹੀਂ ਰਹਿਣ ਦਿੱਤੀ ਜਾਵੇਗੀ। ਇਹ ਪ੍ਰਗਟਾਵਾ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਸਰਪੰਚ ਲਖਵਿੰਦਰ ਸਿੰਘ (ਠੇਕੇਦਾਰ) ਤੇ ਪਿੰਡ ਉਸਮਾਂ ਦੇ ਲੋਕਾਂ ਦੀ ਹਾਜਰੀ ਵਿਚ ਮਹਿਸਮਪੁਰ ਸੜਕ ਤੋਂ ਪਿੰਡ ਧਰਮੂਚੱਕ ਤਕ 47 ਲੱਖ ਰੁਪਏ ਦੀ ਲਾਗਤ ਨਾਲ 1.20 ਕਿਲੋਮੀਟਰ ਲੰਬੀ ਸੜਕ ਅਤੇ 18.14 ਲੱਖ ਦੀ ਲਾਗਤ ਨਾਲ ਬਣਨ ਵਾਲੇ 400 ਮੀਟਰ ਰਸਤੇ ਦਾ ਉਦਘਾਟਨ ਕੀਤਾ। ਇਸ ਸਮੇਂ ਸਰਪੰਚ ਲਖਵਿੰਦਰ ਸਿੰਘ ਉਸਮਾਂ (ਠੇਕੇਦਾਰ) ਨੇ ਆਖਿਆ ਕਿ ਮੰਤਰੀ ਸਾਹਿਬ ਦੀ ਅਗਵਾਈ ਵਿਚ ਸਾਡੇ ਪਿੰਡ ਉਸਮਾਂ ਵਿਖੇ ਕਰੀਬ 50 ਲੱਖ ਦੀ ਲਾਗਤ ਨਾਲ ਪਹਿਲਾ ਵੀ 2 ਰਸਤੇ ਬਣ ਚੁੱਕੇ ਹਨ। ਜਿਸ ਲਈ ਉਨਾਂ ਨੇ ਪਿੰਡ ਉਸਮਾਂ ਦੇ ਲੋਕਾਂ ਦੀ ਤਰਫੋਂ ਮੰਤਰੀ ਈ.ਟੀ.ਓ. ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਦੌਰਾਨ ਮੰਤਰੀ ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਦੇ ਪਿੰਡਾਂ ਨੂੰ ਸਾਫ ਸੁਥਰਾ ਤੇ ਸੁੰਦਰ ਬਣਾਉਣ ਲਈ ਦ੍ਰਿੜ ਹਨ, ਪਿੰਡਾਂ ਦੇ ਰਸਤੇ ਬਣਾਏ ਜਾ ਰਹੇ ਹਨ , ਪਿੰਡਾਂ ਦੇ ਛੱਪੜਾਂ ਦੀ ਸਫਾਈ ਦਾ ਕੰਮ ਕਣਕਾਂ ਦੀ ਵਾਢੀ ਨਾਲ ਸ਼ੁਰੂ ਕਰ ਦਿੱਤਾ ਜਾਵੇਗਾ ਅਤੇ ਪਿੰਡਾਂ ਵਿੱਚ ਕੂੜੇ ਦੀ ਸਮੱਸਿਆ ਦਾ ਹੱਲ ਕੀਤਾ ਜਾਵੇਗਾ। ਇਸ ਮੌਕੇ ਚੇਅਰਮੈਨ ਡਾ. ਗੁਰਵਿੰਦਰ ਸਿੰਘ ਰੰਧਾਵਾ, ਸਰਪੰਚ ਗੁਰਵੇਲ ਸਿੰਘ ਜਲਾਲ, ਸਰਪੰਚ ਅਮਰਿੰਦਰ ਸਿੰਘ ਨਵਾਬਪੁਰ, ਸਰਪੰਚ ਪ੍ਰਗਟ ਸਿੰਘ ਬੱਲ ਬੁੱਟਰ, ਸਰਪੰਚ ਬਲਵਿੰਦਰ ਸਿੰਘ ਰਜਧਾਨ, ਮੈਂਬਰ ਸੁਖਦੇਵ ਸਿੰਘ, ਕਵਲਜੀਤ ਸਿੰਘ, ਕੁਲਵਿੰਦਰ ਕੌਰ, ਸੁੱਚਾ ਸਿੰਘ, ਨਿਰਮਲ ਸਿੰਘ, ਜਗਤਿੰਦਰ ਕੌਰ, ਜਗਜੀਤ ਸਿੰਘ, ਜਗੀਰ ਸਿੰਘ, ਲਖਵਿੰਦਰ ਸਿੰਘ, ਸਕੱਤਰ ਸਿੰਘ, ਸਰਬਜੀਤ ਸਿੰਘ, ਕੁਲਦੀਪ ਸਿੰਘ, ਜੋਗਾ ਸਿੰਘ ਮਿੱਠੂ ਆਦਿ ਹਾਜ਼ਰ ਸਨ।

## ਸਵ. ਸ. ਰਣਧੀਰ ਸਿੰਘ ਚੀਮਾ ਦੀ ਅੰਗੀਠਾ ਸੰਭਾਲਣ ਦੀ ਰਸਮ ਮੌਕੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਹਰਪਾਲ ਸਿੰਘ ਨੇ ਅਰਦਾਸ ਕੀਤੀ





ਸ਼੍ਰੋਮਣੀ ਕਮੇਟੀ ਦੇ ਮੈਂਬਰ ਅਤੇ ਸਾਬਕਾ ਮੰਤਰੀ, ਪੰਜਾਬ ਸਵ. ਸ. ਰਣਧੀਰ ਸਿੰਘ ਚੀਮਾ ਦੀ ਅੰਗੀਠਾ ਸੰਭਾਲਣ ਦੀ ਰਸਮ ਮੌਕੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਹਰਪਾਲ ਸਿੰਘ ਨੇ ਅਰਦਾਸ ਕੀਤੀ । ਉਨ੍ਹਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਨੇ ਪਹੁੰਚ ਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

## ਸ੍ਰ ਅਮਰੀਕ ਸਿੰਘ ਦੇਵਗਨ ਨੂੰ ਗਹਿਰਾ ਸਦਮਾ, ਚਾਚਾ ਜੀ ਅਕਾਲ ਚਲਾਣਾ ਕਰ ਗਏ



**ਵੁਲਵਰਹੈਂਪਟਨ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ੍ਰ ਅਮਰੀਕ ਸਿੰਘ ਦੇਵਗਨ ਨੂੰ ਗਹਿਰਾ ਸਦਮਾ ਉਸ ਸਮੇਂ ਲੱਗਾ ਜਦੋਂ ਉਨ੍ਹਾਂ ਦੇ ਚਾਚਾ ਜੀ ਸ੍ਰ ਬਲਜੀਤ ਸਿੰਘ ਦੇਵਗਨ ਅਚਾਨਕ ਸਦੀਵੀ ਵਿਛੋੜਾ ਦੇ ਗਏ। ਸਵ. ਬਲਜੀਤ ਸਿੰਘ ਦੇਵਗਨ ਪਿਛਲੇ ਲੰਮੇ ਸਮੇ ਤੋਂ ਇੰਗਲੈਂਡ ਦੇ ਵੁਲਵਰਹੈਂਪਟਨ ਸ਼ਹਿਰ ਵਿੱਚ ਰਹਿ ਰਹੇ ਸਨ। ਇਸ ਮੌਕੇ ਪੰਥਕ ਤੇ ਧਾਰਮਿਕ ਸ਼ਖਸੀਅਤਾਂ ਤੋਂ ਇਲਾਵਾ ਸਿਆਸੀ ਹਸਤੀਆਂ ਨੇ ਵੀ ਦੇਵਗਨ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ। ਆਵਾਜ਼ਿ ਕੌਮ ਯੂ. ਕੇ. ਅਖ਼ਬਾਰ ਤੇ ਟੀ. ਵੀ. ਚੈਨਲ ਦੇ ਐਡੀਟਰ ਇਨ ਚੀਫ਼ ਭਾਈ ਰਘਵੀਰ ਸਿੰਘ ਵਾਲਸਾਲ, ਭਾਈ ਪਰਮਜੀਤ ਸਿੰਘ ਢਾਡੀ ਯੂ. ਕੇ., ਭਾਈ ਕਪਤਾਨ ਸਿੰਘ ਅਤੇ ਭਾਈ ਬਘੇਲ ਸਿੰਘ ਨੇ ਸ. ਅਮਰੀਕ ਸਿੰਘ ਦੇਵਗਨ ਅਤੇ ਪਰਿਵਾਰ ਪ੍ਰਤੀ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਵਾਹਿਗੁਰੂ ਪਾਸ ਅਰਦਾਸ ਕੀਤੀ ਕਿ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਅਤੇ ਵਿਛੜੀ ਰੂਹ ਨੂੰ ਆਪਣੇ ਚਰਨਾਂ 'ਚ ਨਿਵਾਸ ਬਖਸ਼ਣ।

## ਧੜਿਆਂ ਚ ਵੰਡੀ ਕਾਂਗਰਸ ਪਾਰਟੀ ਆਪਣਾ ਘਰ ਸੰਭਾਲ਼ੇਂ ਸਾਡੇ ਵਿੱਚ ਦਖਲ ਦੀ ਲੋੜ ਨਹੀ:- ਪੰਜ ਮੈਂਬਰੀ ਭਰਤੀ ਕਮੇਟੀ

**ਚੰਡੀਗੜ੍ਹ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਦੇ ਆਪਸੀ ਸਿਧਾਂਤਕ ਮਤਭੇਦ ਹਨ। ਪਰ ਕਾਂਗਰਸ ਦਾ ਸਾਡੀ ਪਾਰਟੀ ਵਿੱਚ ਸਿੱਧਾ ਦਖਲ ਦੇਣਾ ਕਦਾ-ਚਿੱਤ ਬਰਦਾਸ਼ਤ ਨਹੀਂ ਹੈ। ਕਾਂਗਰਸ ਪਾਰਟੀ ਉਹ ਜਮਾਤ ਹੈ ਜਿਹਨਾਂ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਹਮਲਾ ਕਰ ਢਾਹ-ਢੇਰੀ ਕੀਤਾ ਤੇ ਹਜ਼ਾਰਾਂ ਸਿੱਖਾਂ ਦੀਆਂ ਜਾਨਾਂ ਲਈਆਂ ਸਨ। 1984 ਵਿੱਚ ਸਿੱਖਾਂ ਦਾ ਕਤਲੇਆਮ ਸਰਕਾਰੀ ਤੰਤਰ ਰਾਹੀਂ ਕਰਵਾਇਆ। ਕਾਂਗਰਸ ਨੇ ਸ਼੍ਰੋਮਣੀ ਅਕਾਲੀ ਦਲ ਦਾ ਅਤੇ ਪੰਜਾਬ ਦਾ ਬਹੁਤ ਵੱਡਾ ਨੁਕਸਾਨ ਕੀਤਾ ਹੈ। ਜਿਵੇ ਪਹਿਲਾਂ ਪੰਜਾਬ ਸੂਬਾ ਨਾ ਬਣਾਉਣਾ ਜੇ ਬਣਾਇਆ ਤਾਂ ਲੰਗੜਾ ਬਣਾਇਆ, ਪੰਜਾਬੀ ਬੋਲਦੇ ਇਲਾਕੇ ਨਾ ਦੇਣਾਂ, ਪੰਜਾਬ ਦਾ ਪਾਣੀ ਸਿਰਫ ਖੋਹਿਆ ਹੀ ਨਹੀਂ ਸਗੋਂ ਪੈਪਸੂ ਤੱਕ ਪਾਣੀ ਜੋ ਪੈਸੇ ਮਿਲਦੇ ਸਨ ਉਹ ਵੀ ਬੰਦ ਕੀਤੇ, ਪੰਜਾਬ ਦੀ ਰਾਜਧਾਨੀ ਚੰਡੀਗੜ ਪੰਜਾਬ ਨੂੰ ਨਾ ਦੇਣਾਂ ਆਦਿ ਅਨੇਕਾਂ ਮਸਲੇ ਕਾਂਗਰਸ ਦੀ ਹੀ ਦੇਣ ਹੈ। ਸੁਖਜਿੰਦਰ ਸਿੰਘ ਰੰਧਾਵਾ ਨੇ ਤਾਂ ਇਹ ਵੀ ਬਿਆਨ ਦਿੱਤਾ ਸੀ ਕਿ ਸੁਖਬੀਰ ਸਿੰਘ ਬਾਦਲ ਹੀ ਸ੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਹੋਣੇ ਚਾਹੀਦੇ ਹਨ। ਸਾਡਾ ਸਿੱਧਾ ਸਵਾਲ ਹੈ ਕੀ ਹੁੱਣ ਵੀ ਸੁਖਬੀਰ ਸਿੰਘ ਬਾਦਲ ਨੂੰ ਝੂਠੀ ਹਮਦਰਦੀ ਦਿਵਾਉਣ ਲਈ ਮਿਲੀਭੁਗਤ ਨਾਲ ਹੀ ਤਾਂ ਨਹੀ ਸ਼ਿਕਾਇਤ ਕੀਤੀ। ਉਹਨਾਂ ਨੂੰ ਤਾੜਨਾ ਕਰਦੇ ਹਾਂ ਕਿ ਸਾਡੀ ਪਾਰਟੀ ਵਿੱਚ ਦਖਲ ਦੇਣ ਦੀ ਕੋਸ਼ਿਸ਼ ਨਾ ਕਰਨ। ਸੋ ਕਾਂਗਰਸ ਪਾਰਟੀ ਵੀ ਇਸ ਤੇ ਆਪਣਾ ਸਟੈਂਡ ਸਪੱਸਟ ਕਰੇ। ਇਹ ਵੱਖਰੀ ਗੱਲ ਹੈ ਕਿ ਸ਼ ਸੁਖਬੀਰ ਸਿੰਘ ਬਾਦਲ ਧੜਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਦੋ ਦਸੰਬਰ ਦੇ ਹੁਕਮਨਾਮੇ ਤੋਂ ਭਗੌੜਾ ਹੋਣ ਕਾਰਨ ਆਪਣਾ ਨੈਤਿਕ ਅਧਿਕਾਰ ਗਵਾ ਚੁੱਕੇ ਹਨ ਕਿ ਉਹ ਤੇਜਾ ਸਿੰਘ ਸਮੁੰਦਰੀ ਹਾਲ ਦੇ ਵਿੱਚ ਇਹ ਸਮਾਗਮ ਕਰਨ। ਪਰ ਸਿੱਖਾਂ ਦਾ ਆਪਣਾ ਮਾਮਲਾ ਹੈ ਕਾਂਗਰਸ ਜਾਂ ਕਿਸੇ ਵੀ ਸਰਕਾਰ ਦਾ ਦਖਲ ਬਰਦਾਸ਼ਤ ਨਹੀਂ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪਿੰਡ ਮੱਖਣ ਵਿੰਡੀ ਚ ਅਕਾਲੀ ਦਲ ਤੇ ਕਾਂਗਰਸ ਨੂੰ ਵੱਡਾ ਝਟਕਾ

# 50 ਤੋ ਵੱਧ ਪਰਿਵਾਰ ਹੋਏ ਆਪ ਵਿੱਚ ਸ਼ਾਮਿਲ



**ਜੰਡਿਆਲਾ ਗੁਰੂ 10 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)-** ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲਿਆਂਦੀ ਗਈ ਸਿੱਖਿਆ ਕ੍ਰਾਂਤੀ ਪੰਜਾਬ ਵਿੱਚ ਇੱਕ ਵੱਡਾ ਬਦਲਾਅ ਲੈ ਕੇ ਆਵੇਗੀ ਅਤੇ ਸਰਕਾਰੀ ਸਕੂਲਾਂ ਦੇ ਬੱਚੇ ਵੀ ਹੁਣ ਪ੍ਰਾਈਵੇਟ ਸਕੂਲਾਂ ਦੇ ਬੱਚਿਆਂ ਨਾਲੋਂ ਵਧੀਆ ਸਿੱਖਿਆ ਪ੍ਰਾਪਤ ਕਰ ਸਕਣਗੇ।ਇੰਨਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਦੇ ਬਿਜਲੀ ਅਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਅੱਜ ਜੰਡਿਆਲਾ ਗੁਰੂ ਹਲਕੇ ਦੇ ਪਿੰਡ ਮੱਖਣ ਵਿੰਡੀ ਵਿਖੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਅਕਾਲੀ ਦਲ ਤੇ ਕਾਂਗਰਸ ਦੇ 50 ਤੋਂ ਵੱਧ ਪਰਿਵਾਰਾਂ ਨੂੰ ਸ਼ਾਮਿਲ ਕਰਦੇ ਸਮੇਂ ਕੀਤਾ।ਉਹਨਾਂ ਕਿਹਾ ਕਿ ਸਰਕਾਰ ਦੀਆਂ ਨੀਤੀਆਂ ਤੋ ਖ਼ੁਸ਼ ਹੋ ਕੇ ਵੱਡੀ ਗਿਣਤੀ ਵਿਚ ਲੋਕ ਆਪਣੀਆਂ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਆਪ ਵਿਚ ਸ਼ਾਮਲ ਹੋ ਰਹੇ ਹਨ। ਉਨਾਂ ਦੱਸਿਆ ਕਿ ਅੱਜ ਜੰਡਿਆਲਾ ਗੁਰੂ ਹਲਕੇ ਦੇ ਪਿੰਡ ਮੱਖਣ ਵਿੰਡੀ ਵਿਖੇ ਸੈਕੜੇ ਅਕਾਲੀ ਦੇ ਵਰਕਰ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋਏ ਹਨ। ਉਨਾਂ ਸ਼ਾਮਲ ਹੋਣ ਵਾਲੇ ਵਰਕਰਾਂ ਦਾ ਸਨਮਾਨ ਕਰਦੇ ਹੋਏ ਕਿਹਾ ਕਿ ਇੰਨ੍ਹਾਂ ਦਾ ਪਾਰਟੀ ਵਿਚ ਪੂਰਾ ਬਣਦਾ ਮਾਣ ਸਤਿਕਾਰ ਕੀਤਾ ਜਾਵੇਗਾ ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਈਟੀਓ ਨੇ ਦੱਸਿਆ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਲਿਆਂਦੀ ਗਈ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਨੂੰ ਨਵੇਂ ਸਮਾਰਟ ਕਲਾਸ ਰੂਮ, ਚਾਰ ਦੁਆਰੀ, ਨਵੇਂ ਬਾਥਰੂਮ ਨਵੀਆਂ ਲੈਬਾਂ ਅਤੇ ਹੋਰ ਆਧੁਨਿਕ ਸਮਾਨ ਮੁਹਈਆ ਕਰਵਾਇਆ ਜਾ ਰਿਹਾ ਹੈ ਜਿਸ ਨਾਲ ਸਾਡੇ ਬੱਚੇ ਵੀ ਹੁਣ ਵਧੀਆ ਸਿੱਖਿਆ ਪ੍ਰਾਪਤ ਕਰ ਸਕਣਗੇ ਉਹਨਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਪੰਜਾਬ ਵਿੱਚ ਇੱਕ ਵੱਡਾ ਬਦਲਾਅ ਲੈ ਕੇ ਆਵੇਗੀ ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈ.ਟੀ.ਓ ਨੇ ਅੱਗੇ ਕਿਹਾ ਕਿ ਕਿਹਾ ਕਿ ਸੂਬਾ ਸਰਕਾਰ ਨੇ ਨਸ਼ਾ ਤਸਕਰੀ ਵਿੱਚ ਸ਼ਾਮਲ ਲੋਕਾਂ ਨੂੰ ਸਪੱਸ਼ਟ ਅਤੇ ਸਖ਼ਤ ਚੇਤਾਵਨੀ ਦਿੱਤੀ ਹੈ ਕਿ ਉਹ ਜਾਂ ਤਾਂ ਸੂਬਾ ਛੱਡ ਦੇਣ ਜਾਂ ਫਿਰ ਆਪਣੀਆਂ ਨਾਜਾਇਜ਼ ਗਤੀਵਿਧੀਆਂ 'ਤੇ ਮੁਕੰਮਲ ਰੋਕ ਲਗਾ ਦੇਣ। ਉਨ੍ਹਾਂ ਕਿਹਾ ਕਿ ਇਹ ਚੇਤਾਵਨੀ ਪੰਜਾਬ ਸਰਕਾਰ ਵੱਲੋਂ ਆਪਣੇ ਨਾਗਰਿਕਾਂ ਲਈ ਸੁਰੱਖਿਅਤ ਅਤੇ ਸਿਹਤਮੰਦ ਵਾਤਾਵਰਣ ਨੂੰ ਯਕੀਨੀ ਬਣਾਉਣ ਲਈ ਨਸ਼ਿਆਂ ਦੀ ਲਾਹਨਤ ਨਾਲ ਨਜਿੱਠਣ ਲਈ ਪੁੱਟੇ ਜਾ ਰਹੇ ਠੋਸ ਕਦਮਾਂ ਦੇ ਹਿੱਸੇ ਵਜੋਂ ਆਈ ਹੈ।ਉਹਨਾਂ ਕਿਹਾ ਕਿ ਜੰਡਿਆਲਾ ਹਲਕੇ ਵਿੱਚ ਵਿਰੋਧੀ ਪਾਰਟੀਆਂ ਨੂੰ ਛੱਡ ਕੇ ਲੋਕ ਆਮ ਆਦਮੀ ਪਾਰਟੀਆਂ ਦੀ ਨੀਤੀਆਂ ਤੋਂ ਖ਼ੁਸ਼ ਹੋ ਕੇ ਸਾਡੀ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਭਾਰਤੀ ਇਤਿਹਾਸ ਵਿਚ ਪਹਿਲੀ ਵਾਰ ਹੋਇਆ ਹੈ ਕਿ ਆਮ ਆਦਮੀ ਪਾਰਟੀ ਨੇ ਆਪਣੇ ਸ਼ਾਸਨ ਦੇ ਪਹਿਲੇ ਸਾਲ ਵਿਚ ਹੀ ਪੰਜਾਬ ਵਿਚ ਲੋਕਾਂ ਨੂੰ ਮੁਢਲੀਆਂ ਸਹੂਲਤਾਂ ਦਿੱਤੀਆਂ ਹਨ, ਜਿਵੇ ਕਿ 600 ਯੂਨਿਅ ਬਿਜਲੀ ਮੁਫਤ, ਬੱਸਾਂ ਦੀ ਮੁਫਤ ਸਹੂਲਤ, 50 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ,ਮੁਫਤ ਰਾਸ਼ਨ ਦੀ ਸੁਵਿਧਾ ਦਿੱਤੀ ਹੈ।ਸ: ਈ.ਟੀ.ਓ ਨੇ ਕਿਹਾ ਕਿ ਮੈਂ ਜੰਡਿਆਲਾ ਗੁਰੂ ਦੇ ਲੋਕਾਂ ਦਾ ਰਿਣੀ ਹਾਂ ਜਿਨਾਂ ਨੇ ਮੈਨੂੰ ਇਨਾਂ ਮਾਨ ਸਤਿਕਾਰ ਦਿੱਤਾ ਹੈ। ਉਨਾਂ ਕਿਹਾ ਕਿ ਜੰਡਿਆਲਾ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਉਨਾਂ ਕਿਹਾ ਕਿ ਅੱਜ ਪਿੰਡ ਮੱਖਣਵਿੰਡੀ ਤੋਂ ਸ਼ਮਸ਼ੇਰ ਸਿੰਘ ਸੁਖਵਿੰਦਰ ਸਿੰਘ ਜਸਵੰਤ ਸਿੰਘ ਬਲਵਿੰਦਰ ਸਿੰਘ ਕੁਲਦੀਪ ਸਿੰਘ ਕਸ਼ਮੀਰ ਸਿੰਘ ਅੰਮ੍ਰਿਤ ਸਿੰਘ ਦਿਲਬਾਗ ਸਿੰਘ ਹਰਜੀਤ ਸਿੰਘ ਮਨਪ੍ਰੀਤ ਸਿੰਘ ਇੰਦਰਜੀਤ ਸਿੰਘ ਗਗਨਦੀਪ ਸਿੰਘ ਸਵਰਨ ਸਿੰਘ ਗੁਰਮੀਤ ਸਿੰਘ ਜਗਪ੍ਰੀਤ ਸਿੰਘ ਗਗਨਦੀਪ ਸਿੰਘ ਰਾਜ ਕੌਰ ਜਸਵੰਤ ਸਿੰਘ ਗੁਰਜੀਤ ਸਿੰਘ, ਸਮੇਤ ਅਨੇਕਾਂ ਪਰਿਵਾਰ ਅਕਾਲੀ ਦਲ ਅਤੇ ਕਾਂਗਰਸ ਨੂੰ ਛੱਡ ਕੇ ਛੱਡ ਕੇ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋਏ ਹਨ ਅਤੇ ਇਨ੍ਹਾਂ ਸਾਰਿਆਂ ਦਾ ਪਰਟੀ ਵਿੱਚ ਪੂਰਾ ਮਾਣ ਸਨਮਾਨ ਹੋਵੇਗਾ।ਉਨਾ ਕਿਹਾ ਕਿ ਇਨ੍ਹਾਂ ਦਾ ਪਾਰਟੀ ਵਿਚ ਸ਼ਾਮਿਲ ਹੋਣ ਨਾਲ ਪਾਰਟੀ ਹੋਰ ਮਜ਼ਬੂਤ ਹੋਈ ਹੈ। ਇਸ ਮੌਕੇ ਸਰਪੰਚ ਸੁੰਦਰ ਸਿੰਘ, ਰਾਜਬੀਰ ਸਿੰਘ, ਅਤੇ ਅਨੇਕਾਂ ਲੋਕ ਹਾਜ਼ਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਖ਼ੁਸ਼ ਹੋ ਕੇ ਲੋਕ ਹੋ ਰਹੇ ਹਨ ਸ਼ਾਮਲ : ਈ ਟੀ ਓ**

### ਐਸ ਐਚ ਓ ਹਰਚੰਦ ਸਿੰਘ ਨੇ ਰਸੀਆ ਤੋਂ ਆਏ

# ਵੈਲੇਨਟਾਈਨ ਵਿਅਕਤੀ ਕੋਲੋਂ ਬੈਗ ਖੋਹਣ ਵਾਲੇ ਦੋਸ਼ੀਆਂ ਨੂੰ ਕੀਤਾ ਕਾਬੂ



**ਜੰਡਿਆਲਾ ਗੁਰੂ, 10 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਬੀਤੇ ਕੁਝ ਦਿਨ ਪਹਿਲਾਂ ਜੰਡਿਆਲਾ ਗੁਰੂ ਨੇੜੇ ਨਸ਼ੇੜੀਆਂ ਵਲੋਂ ਰਸ਼ੀਆ ਤੋਂ ਆਏ ਵੈਲੇਨਟਾਈਨ ਨਾਮ ਦੇ ਨੌਜਵਾਨ ਕੋਲੋਂ ਉਸਦਾ ਬੈਗ ਲੁਟਿਆ ਗਿਆ ਸੀ ,ਜਿਸ ਵਿਚ ਉਸਦਾ ਪਾਸਪੋਰਟ , ਕੈਸ਼ ਅਤੇ ਕਈ ਜਰੂਰੀ ਕਾਗਜਾਤ ਸਨ 9 ਥਾਣਾ ਜੰਡਿਆਲਾ ਗੁਰੂ ਪੁਲਿਸ ਵਲੋਂ ਪੂਰੀ ਮਿਹਨਤ ਮੁਸ਼ੱਕਤ ਨਾਲ ਕੁਝ ਹੀ ਦਿਨਾਂ ਵਿੱਚ ਲੁਟੇਰਿਆਂ ਨੂੰ ਕਾਬੂ ਕਰਕੇ ਉਸ ਵਿਦੇਸ਼ੀ ਨੌਜਵਾਨ ਦਾ ਸਮਾਨ ਵਾਪਿਸ ਕਰਵਾਇਆ ਗਿਆ। ਇਸਦੇ ਨਾਲ ਹੀ ਅੰਮ੍ਰਿਤਸਰ ਦਿਹਾਤੀ ਪੁਲਿਸ ਅਧੀਨ ਆਉਂਦੇ ਥਾਣਾ ਜੰਡਿਆਲਾ ਦੇ ਪੁਲਿਸ ਮੁਲਾਜ਼ਮਾ ਵਲੋਂ ਰਸ਼ੀਆ ਦੇ ਨੌਜਵਾਨ ਵੈਲੇਨਟਾਈਨ ਨੂੰ 25000 ਰੁਪਏ ਦੀ ਮਦਦ ਵੀ ਕੀਤੀ ਗਈ।ਅੱਜ ਐਸ ਐਚ ਓ ਜੰਡਿਆਲਾ ਗੁਰੂ ਹਰਚੰਦ ਸਿੰਘ ਦੀ ਵਧੀਆ ਕਾਰਗੁਜਾਰੀ ਲਈ ਪੱਤਰਕਾਰ ਭਾਈਚਾਰੇ ਵੱਲੋਂ ਸਮਮਾਨਿਤ ਕੀਤਾ ਗਿਆ ਇਸ ਮੌਕੇ ਚੇਅਰਮੈਨ ਸੁਨੀਲ ਦੇਵਗਨ ਤੇ ਪ੍ਰਧਾਨ ਵਰਿੰਦਰ ਸਿੰਘ ਮਲਹੋਤਰਾ ਨੇ ਸਾਂਝੇ ਬਿਆਨ ਵਿਚ ਕਿਹਾ ਕਿ ਅੰਮ੍ਰਿਤਸਰ ਵਿਖੇ ਵੱਖ ਵੱਖ ਦੇਸ਼ਾਂ ਵਿਦੇਸ਼ਾ ਤੋਂ ਬਹੁਤ ਵੱਢੀ ਗਿਣਤੀ ਵਿੱਚ ਸੈਲਾਨੀ ਘੁੰਮਣ ਲਈ ਆਉਂਦੇ ਹਨ , ਪਰ ਕਾਫੀ ਜਗ੍ਹਾ ਤੇ ਮਾੜੇ ਅਨਸਰਾਂ ਵਲੋਂ ਚੋਰੀਆਂ ਅਤੇ ਲੁੱਟ ਖੋਹਾਂ ਦੀਆ ਵਾਰਦਾਤਾਂ ਨੂੰ ਅੰਜਾਮ ਦਿਤਾ ਜਾਂਦਾ ਹੈ ਪਰ ਅੱਜ ਜੰਡਿਆਲਾ ਗੁਰੂ ਪੁਲਿਸ ਵਲੋਂ ਲੁਟੇਰਿਆਂ ਨੂੰ ਜਲਦੀ ਕਾਬੂ ਕਰਕੇ ਪੰਜਾਬ ਦਾ ਨਾਮ ਬਦਨਾਮ ਹੋਣ ਤੋਂ ਬਚਾ ਲਿਆ। ਇਸ ਮੌਕੇ ਤੇ ਜੰਡਿਆਲਾ ਪ੍ਰੈਸ ਦੇ ਕਲੱਬ ਦੇ ਪ੍ਰਧਾਨ ਵਰਿੰਦਰ ਸਿੰਘ ਮਲਹੋਤਰਾ, ਚੇਅਰਮੈਨ ਸੁਨੀਲ ਦੇਵਗਨ , ਹਰਿੰਦਰ ਪਾਲ ਸਿੰਘ, ਕੁਲਵੰਤ ਸਿੰਘ ਵਿਰਦੀ , ਪ੍ਰਦੀਪ ਜੈਨ , ਕੰਵਲਜੀਤ ਸਿੰਘ ਲਾਡੀ , ਸਤਿੰਦਰ ਅਠਵਾਲ ਅਤੇ ਗੁਰਦੇਵ ਸਿੰਘ ਮਲੀਆਂ ਹਾਜਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਐਸ ਐਚ ਓ ਹਰਚੰਦ ਸਿੰਘ ਦੀ ਵਧੀਆ ਕਾਰਗੁਜਾਰੀ ਤੇ ਪੱਤਰਕਾਰ ਭਾਈਚਾਰੇ ਨੇ ਕੀਤਾ ਸਮਮਾਨਿਤ**

## ਮਾਰਕੀਟ ਕਮੇਟੀ ਧੂਰੀ ਅਧੀਨ ਪੈਂਦੇ ਖਰੀਦ ਕੇਂਦਰਾਂ ਅੰਦਰ ਕਿਸਾਨਾਂ ਨੂੰ ਕਣਕ ਦੀ ਖਰੀਦ ਸਬੰਧੀ ਕੋਈ ਮੁਸ਼ਿਕਲ ਨਹੀਂ ਆਉਣ ਦਿੱਤੀ ਜਾਵੇਗੀ ਸਾਰੇ ਪ੍ਰਬੰਧ ਮੁਕਮਲ : ਚੇਅਰਮੈਨ ਘੁੱਲੀ




**ਧੂਰੀ ( ਰਣਜੀਤ ਸਿੰਘ ਪੇਧਨੀ )**-ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਇੰਚਾਰਜ ਮੁੱਖ ਮੰਤਰੀ ਕੈਂਪਸ ਨੇ ਕਿਹਾ ਕਿ ਮਾਰਕੀਟ ਕਮੇਟੀ ਧੂਰੀ ਅਧੀਨ ਪੈਂਦੇ ਖਰੀਦ ਕੇਂਦਰਾਂ ਅੰਦਰ ਕਣਕ ਦੀ ਖਰੀਦ ਸਬੰਧੀ ਕਿਸਾਨ, ਆੜਤੀਏ, ਮਜਦੂਰ ਅਤੇ ਹੋਰਨਾਂ ਖਰੀਦ ਨਾਲ ਜੁੜੀਆ ਧਿਰਾਂ ਨੂੰ ਕੋਈ ਮੁਸ਼ਿਕਲ ਨਹੀ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਅਤੇ ਮੰਡੀ ਬੋਰਡ ਦੀਆ ਹਦਾਇਤਾਂ ਦੇ ਚਲਦਿਆਂ ਕਣਕ ਦੀ ਖਰੀਦ ਪਹਿਲੀ ਅਪ੍ਰੈਲ ਤੋਂ ਸ਼ੁਰੂ ਹੋ ਗਈ ਹੈ ਭਾਵੇਂ ਕਣਕ ਮੰਡੀਆ ਵਿਚ ਅਪ੍ਰੈਲ ਦੇ ਅੱਧ ਤੋਂ ਬਾਅਦ ਪੁੱਜੇਗੀ ਪਰ ਕਣਕ ਦੀ ਖਰੀਦ ਲਈ ਲੋੜੀਦੇ ਪ੍ਰਬੰਧ ਮੁੰਕਮਲ ਕਰ ਲਏ ਗਏ ਹਨ। ਉਨਾ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਰਾਜ ਵਿਚ ਜਿਣਸ ਵੇਚਣ ਲਈ ਕਿਸਾਨ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਨਹੀ ਕਰਨਾ ਪਿਆ ਜਦਕਿ ਪਿਛਲੀਆ ਰਵਾਇਤੀ ਸਰਕਾਰਾਂ ਦੇ ਰਾਜ ਵਿਚ ਮੁਸ਼ਿਕਲਾਵਾਂ ਦਾ ਸਾਹਮਣਾ ਕਿਸਾਨ, ਆੜਤੀਏ ਅਤੇ ਮਜਦੂਰਾਂ ਨੂੰ ਕਰਨੀਆ ਪੈਂਦੀਆ ਸਨ। ਇਸ ਮੌਕੇ ਨੰਬਰਦਾਰ ਰਜਿੰਦਰ ਸਿੰਘ ਪੇਧਨੀ ਸੰਭਾਵੀਂ ਉਮੀਦਵਾਰ ਜ਼ਿਲਾ ਪ੍ਰੀਸ਼ਦ ਜੋਨ ਬੇਨੜਾ, ਆਪ ਆਗੂ ਮਾਣਾ ਗਰੇਵਾਲ, ਆਪ ਆਗੂ ਬਖਸੀਸ ਸਿੰਘ ਅਲਾਲ, ਆਪ ਆਗੂ ਜੰਗ ਧੂਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਪਾਕਿਸਤਾਨ ਦੇ ਇਤਿਹਾਸਕ ਗੁਰਦੁਆਰਿਆਂ ਦੇ ਦਰਸ਼ਨ ਦੀਦਾਰੇਆਂ ਲਈ ਸਿੱਖ ਸ਼ਰਧਾਲੂਆਂ ਨੂੰ ਵੱਡੀ ਗਿਣਤੀ 'ਚ ਵੀਜ਼ੇ ਜਾਰੀ ਕਰਣ ਲਈ ਪਾਕਿਸਤਾਨ ਹਾਈ ਕਮਿਸ਼ਨ ਪ੍ਰਸ਼ੰਸਾ ਦੇ ਯੋਗ: ਸਰਨਾ

**ਨਵੀਂ ਦਿੱਲੀ, 10 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):**-ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਨਵੀਂ ਦਿੱਲੀ ਸਥਿਤ ਪਾਕਿਸਤਾਨੀ ਹਾਈ ਕਮਿਸ਼ਨ ਅਤੇ ਪਾਕਿਸਤਾਨ ਸਰਕਾਰ ਦੀ ਸ਼ਲਾਘਾ ਕੀਤੀ ਹੈ ਕਿ ਉਹ ਆਉਣ ਵਾਲੇ ਵਿਸਾਖੀ ਸਮਾਗਮਾਂ ਲਈ ਪਾਕਿਸਤਾਨ ਦੇ ਇਤਿਹਾਸਕ ਗੁਰਦੁਆਰਿਆਂ ਦੇ ਦਰਸ਼ਨ ਕਰਨ ਦੇ ਇਰਾਦੇ ਵਾਲੇ 6,600 ਸਿੱਖ ਸ਼ਰਧਾਲੂਆਂ ਲਈ ਵੀਜ਼ੇ ਮਨਜ਼ੂਰ ਕੀਤੇ ਹਨ। ਸਰਨਾ ਨੇ ਇਸ ਫੈਸਲੇ ਦੀ ਸ਼ਲਾਘਾ ਇੱਕ "ਇਤਿਹਾਸਕ" ਅਤੇ ਇੱਕ "ਉਤਸ਼ਾਹਜਨਕ ਫੈਸਲੇ" ਵਜੋਂ ਕੀਤੀ ਹੈ। ਸਿੱਖ ਸ਼ਰਧਾਲੂਆਂ ਲਈ ਬਿਨਾਂ ਕਿਸੇ ਇਨਕਾਰ ਦੇ ਵੀਜ਼ਿਆਂ ਦੀ ਪ੍ਰਵਾਨਗੀ, ਸ਼ਰਧਾਲੂਆਂ ਨੂੰ ਗੁਰਦੁਆਰਾ ਪੰਜਾ ਸਾਹਿਬ, ਨਨਕਾਣਾ ਸਾਹਿਬ ਅਤੇ ਹੋਰ ਪਵਿੱਤਰ ਸਥਾਨਾਂ ਦੇ ਦਰਸ਼ਨ ਕਰਨ ਲਈ ਹੋਰ ਉਤਸ਼ਾਹਿਤ ਕਰੇਗੀ, ਜੋ ਸਿੱਖੀ ਵਿੱਚ ਡੂੰਘੀ ਅਧਿਆਤਮਿਕ ਮਹੱਤਤਾ ਰੱਖਦੇ ਹਨ। ਪੰਥਕ ਆਗੂ ਨੇ ਧਾਰਮਿਕ ਆਜ਼ਾਦੀ ਨੂੰ ਉਤਸ਼ਾਹਿਤ ਕਰਨ ਅਤੇ ਦੋਵਾਂ ਦੇਸ਼ਾਂ ਵਿਚਕਾਰ ਸਹਿਯੋਗ ਅਤੇ ਸਦਭਾਵਨਾ ਦੇ ਮਾਹੌਲ ਵਿੱਚ ਪਾਕਿਸਤਾਨ ਦੇ ਯਤਨਾਂ ਦੀ ਸ਼ਲਾਘਾ ਕੀਤੀ। ਸਰਨਾ ਨੇ ਨਵੀਂ ਦਿੱਲੀ ਦੀ ਕੇਂਦਰ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਪਵਿੱਤਰ ਗੁਰਦੁਆਰਿਆਂ ਦੇ ਦਰਸ਼ਨਾਂ ਲਈ ਭਾਰਤ ਆਉਣ ਦੇ ਚਾਹਵਾਨ ਪਾਕਿਸਤਾਨੀ ਅਤੇ ਅਫਗਾਨ ਸਿੱਖਾਂ ਲਈ ਵੀਜ਼ਾ ਪ੍ਰਵਾਨਗੀ ਪ੍ਰਕਿਰਿਆ ਨੂੰ ਸੌਖਾ ਬਣਾ ਕੇ ਇਸ ਸਦਭਾਵਨਾ ਦਾ ਮੁੱਲ ਮੋੜੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਜਿਹੀਆਂ ਯਾਤਰਾਵਾਂ ਦੀ ਸਹੂਲਤ ਧਾਰਮਿਕ ਸਦਭਾਵਨਾ ਨੂੰ ਉਤਸ਼ਾਹਿਤ ਕਰਨ ਅਤੇ ਉਪ-ਮਹਾਂਦੀਪ ਅਤੇ ਇਸ ਤੋਂ ਬਾਹਰ ਦੇ ਭਾਈਚਾਰਿਆਂ ਵਿਚਕਾਰ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਬਹੁਤ ਜ਼ਰੂਰੀ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

## ਭਾਰਤੀਯ ਯੋਗ ਸੰਸਥਾਨ (ਰਜਿ: ) ਧੂਰੀ ਵੱਲੋਂ 59ਵਾਂ ਸਥਾਪਨਾ ਦਿਵਸ ਬੜੀ ਧੂਮ-ਧਾਮ ਨਾਲ ਮਣਾਇਆ ਗਿਆ



**ਧੂਰੀ ( ਰਣਜੀਤ ਸਿੰਘ ਪੇਧਨੀ)**ਮਦਨ ਲਾਲ ਬਾਂਸਲ, ਜਿਲ੍ਹਾ ਪ੍ਰਧਾਨ, ਭਾਰਤੀ ਯੋਗ ਸੰਸਥਾਨ ਧੂਰੀ ਦੀ ਯੋਗ ਅਗਵਾਈ ਵਿੱਚ ਅੱਜ ਸਥਾਨਕ ਸ਼ਾਂਤੀ ਨਿਕੇਤਨ ਯੋਗ ਹਾਲ, ਰਾਮ ਬਾਗ ਧੂਰੀ ਵਿਖੇ 59ਵਾਂ ਸਥਾਪਨਾ ਦਿਵਸ ਭਾਰਤੀ ਯੋਗ ਸੰਸਥਾਨ (ਰਜਿ:) ਧੂਰੀ ਵੱਲੋਂ ਸਵੇਰੇ 5:00 ਤੋਂ 6:30 ਤੱਕ ਬੜੀ ਧੂਮ-ਧਾਮ ਨਾਲ ਮਣਾਇਆ ਗਿਆ, ਜਿਸ ਵਿੱਚ ਵੱਧ ਚੜ੍ਹ ਕੇ ਸਾਧਕਾਂ ਨੇ ਭਾਗ ਲਿਆ । ਯੋਗ ਕਲਾਸ ਦੌਰਾਨ ਵੱਖ ਵੱਖ ਤਰ੍ਹਾਂ ਦੇ ਆਸਨ, ਪ੍ਰਾਣਾਯਾਮ ਅਤੇ ਧਿਆਨ ਬਾਰੇ ਸੰਖੇਪ ਵਿੱਚ ਚਾਣਨਾ ਪਾਇਆ ਅਤੇ ਯੋਗ ਦੀ ਮੱਹਤਤਾ ਦੱਸੀ ਗਈ । ਮਦਨ ਨਾਲ ਬਾਂਸਲ, ਜਿਲ੍ਹਾ ਪ੍ਰਧਾਨ ਭਾਰਤੀ ਯੋਗ ਸੰਸਥਾਨ ਧੂਰੀ ਨੇ ਦੱਸਿਆ ਕਿ ਅੱਜ ਦਾ ਦਿਨ ਸਾਡੇ ਸਾਰਿਆਂ ਲਈ ਬਹੁਤ ਵਿਸ਼ੇਸ਼ ਦਿਨ ਹੈ ਕਿਉਂਕਿ ਅੱਜ ਤੋ 58 ਸਾਲ ਪਹਿਲਾਂ ਪਰਮ-ਸਤਿਕਾਰਯੋਗ ਸ਼੍ਰੀ ਪ੍ਰਕਾਸ਼ ਲਾਲ ਜੀ, ਜਵਾਹਰ ਲਾਲ ਜੀ ਅਤੇ ਰਾਮੇਸ਼ਵਰ ਦਾਸ ਜੀ ਨੇ ਦਿੱਲੀ ਵਿਖੇ ਬੋਨਟਾ ਪਹਾੜੀ ਦੇ ਨੇੜੇ ਪਹਿਲਾ ਯੋਗ ਕੇਂਦਰ ਖੋਲ ਕੇ ਦੇਸ਼ ਵਿੱਚ ਭਾਰਤੀ ਯੋਗ ਸੰਸਥਾਨ ਦੀ ਸਥਾਪਨਾ ਕੀਤੀ ਗਈ ਸੀ । ਹੰਸ ਰਾਜ ਗਰਗ, ਰਿਟਾ: ਡੀ.ਈ.ਓ. ਨੇ ਸਾਧਕਾਂ ਨੂੰ ਹਰ ਰੋਜ ਯੋਗ ਕਰਨ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਸੰਸਥਾਨ ਦੇ ਤਿੰਨ ਮੁੱਖ ਉਦੇਸ਼ ਹਨ ਜੀਓ ਔਰ ਜੀਵਨ ਦਿਓ, ਅਹਿੰਸਾ ਪਰਮੋਧਰਮ ਅਤੇ ਸਰਵੇ ਭਵੰਤੂ ਸੁਖਿਨਹ । ਜੋਨ ਪ੍ਰਧਾਨ ਨਿਸ਼ੀ ਗੋਇਲ ਨੇ ਬੜੇ ਖੁਬਸੁਰਤ ਅੰਦਾਜ ਵਿੱਚ ਯੋਗ ਨਿੰਦਰਾ ਕਰਵਾਈ ਅਤੇ ਮੈਡਮ ਸਰੋਜ ਗਰਗ ਨੇ ਇੱਕ ਮਨਮੋਹਕ ਭਜਨ ਪੇਸ਼ ਕੀਤਾ ਗਿਆ । ਅੰਤ ਵਿੱਚ ਮਹਿੰਦਰ ਕੁਮਾਰ ਗਰਗ, ਯੋਗਾ ਟੀਚਰ ਨੇ ਦੱਸਿਆ ਕਿ ਭਾਰਤੀ ਯੋਗ ਸੰਸਥਾਨ ਨਿਸ਼ਕਾਮ ਸੇਵਾ ਨਾਲ ਪਿਛਲੇ ਲੰਮੇ ਸਮੇਂ ਤੋਂ ਲੋਕਾਂ ਦੀ ਸੇਵਾ ਕਰਦੇ ਹੋਏ ਦੇਸ਼ ਭਰ ਵਿੱਚ 5000 ਤੋਂ ਵੱਧ ਮੁਫਤ ਕੇਂਦਰ ਚਲਾ ਰਿਹਾ ਹੈ । ਇਸ ਮੌਕੇ ਸੰਸਥਾਨ ਦੇ ਕੇਂਦਰ ਪ੍ਰਮੁੱਖ ਗੋਪਾਲ ਦਾਸ, ਵਿਜੈ ਗੋਇਲ, ਨਰੇਸ਼ ਕੁਮਾਰ ਗਰਗ, ਬਲਜਿੰਦਰ ਸਿੰਘ, ਸੁਰਿੰਦਰ ਕੁਮਾਰ ਬਾਂਸਲ, ਜਤਿੰਦਰ ਵੀਰ ਗਰਗ, ਸ਼ੀਸ਼ਪਾਲ ਗੋਇਲ, ਜਗਮੇਲ ਸਿੰਘ, ਬਲਰਾਜ ਪੱਪੀ, ਮੈਡਮ ਸੰਦੀਪ ਕੌਰ, ਪਵਨ ਗਰਗ, ਯਸ਼ਪਾਲ, ਸੋਹਣ ਲਾਲ, ਸੰਜੀਵ ਕੁਮਾਰ, ਕਿਰਨ ਰਾਣੀ, ਰਿਜੂ ਸ਼ਰਮਾ, ਜੀਵਨ ਲਤਾ, ਸਤੀਸ਼ ਕੁਮਾਰ ਗੋਇਲ, ਪ੍ਰੇਮ ਕੁਮਾਰ, ਲੁਕੇਸ਼ ਸਿੰਗਲਾ (ਲੱਕੀ) ਆਦਿ ਹਾਜ਼ਰ ਸਨ।

### ਸਿਹਤ ਮੁੱਦਿਆਂ ਪ੍ਰਤੀ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਲਈ

# ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ

**ਜੰਡਿਆਲਾ ਗੁਰੂ 10 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਬੀਤੇ ਦਿਨ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ। ਇਹ ਵਿਸ਼ਵ ਸਿਹਤ ਦਿਵਸ ਮੁੱਖ ਸਿਹਤ ਮੁੱਦਿਆਂ ਪ੍ਰਤੀ ਜਾਗਰੂਕਤਾ ਨੂੰ ਉਤਸਾਹਿਤ ਕਰਨ ਅਤੇ ਸਿਹਤ ਨੂੰ ਬਿਹਤਰ ਬਣਾਉਣ ਲਈ ਕੀਤੇ ਜਾ ਰਹੇ ਯਤਨਾਂ ਨੂੰ ਉਤਸ਼ਾਹਿਤ ਕਰਨ ਲਈ ਮਨਾਇਆ ਜਾਂਦਾ ਹੈ। ਇਸ ਸੰਬੰਧ ਵਿੱਚ ਸੇਂਟ ਸੋਲਜਰ ਸਕੂਲ ਦੇ ਵਿਦਿਆਰਥੀਆਂ ਨੇ ਸਿਹਤ ਸਬੰਧੀ ਜਾਗਰੂਕਤਾ ਪੈਦਾ ਕਰਨ ਲਈ ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ਕੀਤਾ। ਜਿਸ ਵਿੱਚ ਐਲਕੇਜੀ ਅਤੇ ਯੂ ਕੇ ਜੀ ਦੇ ਵਿਦਿਆਰਥੀਆਂ ਨੇ ਮੂੰਹ ਦੀ ਸਫਾਈ ਤੇ ਇੱਕ ਗਤੀਵਿਧੀ ਕੀਤੀ ਅਤੇ ਵਿਦਿਆਰਥੀਆਂ ਨੂੰ ਬੁਰਸ਼ ਕਰਨ ਦਾ ਸਹੀ ਤਰੀਕਾ ਦੱਸਿਆ। ਇਸੇ ਤਰ੍ਹਾਂ ਨੌਵੀਂ ਅਤੇ ਦਸਵੀਂ ਕਲਾਸ ਦੇ ਵਿਦਿਆਰਥੀਆਂ ਵਿਚਕਾਰ ਸੰਤੁਲਿਤ ਭੋਜਨ ਮੁਕਾਬਲਾ ਕਰਵਾਇਆ ਗਿਆ। ਜਿਸ ਵਿੱਚ ਵਿਦਿਆਰਥੀ ਸਿਹਤਮੰਦ ਪਕਵਾਨ ਬਣਾ ਕੇ ਲਿਆਏ। ਇਹਨਾਂ ਮੁਕਾਬਲਿਆਂ ਵਿੱਚ ਨੌਵੀਂ ਏ ਕਲਾਸ ਨੇ ਪਹਿਲਾ ਸਥਾਨ, ਦਸਵੀਂ ਸੀ ਕਲਾਸ ਨੇ ਦੂਜਾ ਸਥਾਨ, ਅਤੇ ਨੌਵੀਂ ਬੀ ਅਤੇ ਦਸਵੀਂ ਬੀ ਕਲਾਸ ਤੀਜੇ ਸਥਾਨ ਤੇ ਰਹੀ।



ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਤੇ ਸਕੂਲ ਦੇ ਮੈਨੇਜਰ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਸਿਹਤ ਅਤੇ ਸਫਾਈ ਦੀ ਮਹੱਤਤਾ ਬਾਰੇ ਵੀ ਜਾਗਰੂਕ ਕੀਤਾ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ, ਕੋਆਰਡੀਨੇਟਰ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਨੀਲਾਕਸ਼ੀ ਗੁਪਤਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

### ਮੈਡੀਕਲ ਪ੍ਰੈਟੀਸ਼ਨਰਜ਼ ਐਸੋਸੀਏਸਨ ਵਿਸਾਖੀ ਦਿਹਾੜੇ ’ਤੇ

# ਤਿੰਨ ਦਿਨ ਮੁਫ਼ਤ ਮੈਡੀਕਲ ਕੈਂਪ ਅਤੇ ਮੁਫ਼ਤ ਦਵਾਈਆਂ ਦਾ ਲੰਗਰ ਲਗਾਏਗੀ- ਗੁਰਮੇਲ ਸਿੰਘ ਘਈ

**ਤਲਵੰਡੀ ਸਾਬੋ, 10 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਮੈਡੀਕਲ ਪ੍ਰੈਟੀਸ਼ਨਰਜ਼ ਐਸੋਸੀਏਸ਼ਨ ਬਲਾਕ ਤਲਵੰਡੀ ਸਾਬੋ ਖਾਲਸੇ ਜੀ ਦੇ ਪਵਿੱਤਰ ਦਿਹਾੜੇ ਵਿਸਾਖੀ ਮੌਕੇ ਤਲਵੰਡੀ ਸਾਬੋ ਵਿਖੇ ਤਿੰਨ ਦਿਨ ਸ਼ਰਧਾਲੂਆਂ ਦੀ ਆਮਦ ਨੂੰ ਮੁਖ ਰੱਖ ਕੇ ਹਰ ਤਰ੍ਹਾਂ ਦੀਆਂ ਦਵਾਈਆਂ ਦਾ ਮੁਫ਼ਤ ਲੰਗਰ ਲਗਾਏਗੀ ਜਿਸ

ਆਵਾਜ਼ਿ ਕੌਮ AWAZE QAUM International Newspaper & WEB TV

ਦਾ ਉਦਘਾਟਨ ਸਟੇਟ ਪ੍ਰਧਾਨ ਧੰਨਾ ਮੱਲ ਗੋਇਲ 12 ਅਪ੍ਰੈਲ ਨੂੰ ਕਰਨਗੇ ਜਿਸ ਵਿਚ ਸਮੁੱਚੇ ਜ਼ਿਲੇ ਦੀਆਂ 10 ਬਲਾਕਾਂ ਤੋਂ ਇਲਾਵਾ ਸਟੇਟ ਬਾਡੀ, ਜ਼ਿਲ੍ਹਾ ਬਾਡੀ ਦੇ ਸਾਰੇ ਬਲਾਕਾਂ ਤੇ ਇਲਾਵਾ ਜ਼ਿਲ੍ਹਾ ਬਾਡੀ ਸਮੇਤ ਆਹੁਦੇਦਾਰ ਸ਼ਾਮਲ ਹੋਣਗੇ। ਬਲਾਕ ਪ੍ਰਧਾਨ ਗੁਰਮੇਲ ਸਿੰਘ ਘਈ ਨੇ ਦੱਸਿਆ ਕਿ



ਬਲਾਕ ਤਲਵੰਡੀ ਸਾਬੋ ਦੀ ਸਮੂਹ ਬਾਡੀ ਸਮੇਤ ਮੈਂਬਰ ਅਤੇ ਅਹੁਦੇਦਾਰ ਮੁਫ਼ਤ ਸੇਵਾ ਭਾਵਨਾ ਨਾਲ ਸੇਵਾ ਕਰਨਗੇ ਤਾਂ ਕਿ ਮਨੁਖਤਾ ਦੀ ਸੇਵਾ ਵਿਚ ਕੋਈ ਕਮੀ ਬਾਕੀ ਨਾ ਰਹੇ। ਅੱਜ ਕੈਂਪ ਦੀ ਸਮੀਖਿਆ ਕੀਤੀ ਗਈ ਜਿਸ ਬਲਾਕ ਦੇ ਵੱਖ-ਵੱਖ ਆਗੂਆਂ ਨੇ ਬਲਾਕ ਪ੍ਰਧਾਨ ਦੀ ਅਗਵਾਈ ਹੇਠ ਸ਼ਿਰਕਤ ਕੀਤੀ ਕੈਸ਼ੀਅਰ ਬਿੱਕਰ ਸਿੰਘ ਧਿੰਗੜ, ਸਟੇਜ ਸੈਕਟਰੀ ਲਛਮਣ ਕੁਮਾਰ ਜਗਾ, ਸੈਕਟਰੀ ਰੇਸ਼ਮ ਸਿੰਘ ਭਾਗੀਵਾਂਦਰ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਨਛੱਤਰ ਸਿੰਘ ਨਥੇਹਾ, ਜਗਸੀਰ ਸਿੰਘ ਰਾਮਸਰਾ ਆਦਿ ਸ਼ਾਮਿਲ ਹੋਏ।

### 27 ਅਪ੍ਰੈਲ ਨੂੰ ਸਿੱਖ ਕੌਮ ਦੇ ਮਹਾਨ ਜਰਨੈਲ ਜਨਰਲ ਹਰਬਖਸ਼ ਸਿੰਘ ਜੀ ਦੀ ਯਾਦ ’ਚ

# ਮਨਾਇਆ ਜਾਵੇਗਾ ਵਾਤਾਵਰਨ ਦਿਵਸ: ਸੋਨੂੰ ਜੰਡਿਆਲਾ

**ਜੰਡਿਆਲਾ ਗੁਰੂ 10 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**- ਅੰਮ੍ਰਿਤਸਰ ਦੀ ਪਵਿੱਤਰ ਧਰਤੀ ‘ਤੇ ਸਿੱਖ ਕੌਮ ਦੇ ਮਹਾਨ ਜਰਨੈਲ ਜਨਰਲ ਹਰਬਖਸ਼ ਸਿੰਘ ਜੀ ਦੀ ਯਾਦ ਵਿਚ ਮਿਤੀ 27 ਅਪ੍ਰੈਲ ਨੂੰ ‘ਵਾਤਾਵਰਨ ਦਿਵਸ’ ਮਨਾਇਆ ਜਾਵੇਗਾ। ਇਸ ਸਬੰਧੀ ਸਮਾਜ ਸੇਵੀ ਅਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਅੱਜ ਅੰਮ੍ਰਿਤਸਰ ਦੇ ਰੋਜ਼ ਗਾਰਡਨ ਵਿੱਚ ਭਾਰਤੀ ਸੈਨਾ ਦੇ ਸਾਬਕਾ ਫੌਜੀਆਂ ਅਤੇ ਸਿੱਖ ਜਥੇਬੰਦੀਆਂ ਨਾਲ ਮੀਟਿੰਗ ਕੀਤੀ ਅਤੇ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਹਰ ਕਿਸੇ ਨੇ ਆਪੋ ਆਪਣਾ ਸਲਾਹ ਮਸ਼ਵਰਾਂ ਦਿੱਤਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਦੱਸਿਆ ਕਿ ਅੰਮ੍ਰਿਤਸਰ ਦੀ ਪਾਕ-ਪਵਿੱਤਰ ਧਰਤੀ ਤੇ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਮਿਤੀ 27 ਅਪ੍ਰੈਲ ਨੂੰ ‘ਗੇ ਪਰੇਡ’ ਕਰਨ ਦਾ ਐਲਾਨ ਕੀਤਾ ਗਿਆ ਸੀ, ਪਰ ਉਹ ਹੁਣ ਨਹੀਂ ਹੋਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਦੀ ਪਵਿੱਤਰ ਧਰਤੀ ‘ਤੇ ਉਸੇ ਹੀ ਸਥਾਨ ‘ਤੇ ਉਹ ਪ੍ਰੋਗਰਾਮ ਹੀ ਹੋਵੇਗਾ, ਜੋ ਹੋਣਾ ਚਾਹੀਦਾ ਹੈ। ਸੋਨੂੰ ਜੰਡਿਆਲਾ ਨੇ ਦੱਸਿਆ ਕਿ ਭਾਰਤੀ ਸੈਨਾ ਦਾ ਇੱ ਸੂਰਵੀਰ ਯੋਧਾ ਅਤੇ ਗੁਰੂ ਸਾਹਿਬ ਦਾ ਸੱਚਾ ਸਿੱਖ ਨਾਇਕ ਜਨਰਲ ਹਰਬਖਸ਼ ਸਿੰਘ, ਜਿਸ ਦੇ ਕਿੱਸੇ ਪੂਰੇ ਵਰਲਡ ਦੀ ਦੁਨੀਆ ਮੰਨਦੀ ਹੈ। ਉਨ੍ਹਾਂ ਦੱਸਿਆ ਕਿ 1965 ਦੀ ਜੰਗ ਵਿੱਚ ਜਦੋਂ ਪਾਕਿਸਤਾਨ ਨੇ ਭਾਰਤ ‘ਤੇ ਹਮਲਾ ਕੀਤਾ ਸੀ ਤਾਂ ਪਾਕਿਸਤਾਨ ਨੇ ਖੇਮਕਰਨ ‘ਤੇ ਕਬਜ਼ਾ ਕਰ ਲਿਆ ਸੀ ਅਤੇ ਉਸ ਵੇਲੇ ਦਾ ਇਹ ਫੌਜੀ ਜਰਨੈਲ ਬਾਰਡਰ ‘ਤੇ ਚਟਾਂਨ ਵਾਂਗ ਖੜਿਆ ਰਿਹਾ ਸੀ। ਜਿਸ ਦਾ ਕਦ ਸਾਢੇ 6 ਫੁੱਟ ਸੀ ਅਤੇ ਜ਼ਿਲ੍ਹਾ ਸੰਗਰੂਰ ਦੇ ਪਿੰਡ ਬਾਡਰੁੱਖਾ ਦਾ ਰਹਿਣ ਵਾਲਾ ਸੀ। ਜਿਸ ਨੂੰ ਭਾਰਤੀ ਹਕੂਮਤ ਤੇ ਭਾਰਤੀ ਚੀਫ ਵੱਲੋਂ ਵੀ ਕਹਿ ਦਿੱਤਾ ਗਿਆ ਸੀ ਕਿ ਤੁਸੀਂ ਅੰਮ੍ਰਿਤਸਰ ਛੱਡ ਕੇ ਦਿੱਲੀ ਬਚਾ ਲਓ ਅਤੇ ਅੱਗਿਓ ਇਸ ਮਹਾਨ ਜਰਨੈਲ ਦਾ ਜਵਾਬ ਸੀ ਕਿ ਪਹਿਲਾਂ ਸਿੱਖਾਂ ਕੋਲੋਂ ਨਨਕਾਣਾ ਸਾਹਿਬ ਚਲਿਆ ਗਿਆ ਅਤੇ ਹੁਣ ਉਹ ਗੁਰੂ ਰਾਮਦਾਸ ਸੱਚੇ ਪਾਤਸ਼ਾਹ ਦਾ ਘਰ ਅੰਮ੍ਰਿਤਸਰ ਨਹੀਂ ਜਾਣ ਦੇਣਗੇ। ਉਨ੍ਹਾਂ ਦੱਸਿਆ ਕਿ ਇਸ ਯੋਧੇ ਜਰਨੈਲ ਦੀ ਜੰਗ ਦੇ ਵਿੱਚ ਬਹਾਦਰੀ ਦੇ ਕਿੱਸੇ ਬਹੁਤ ਹਨ। ਜਿਸ ਵੇਲੇ ਦੁਸ਼ਮਣਾਂ ਨਾਲ ਮੈਦਾਨੇ ਜੰਗ ਵਿੱਚ ਆਹਮਣੇ ਸਾਹਮਣੇ ਜਨਰਲ ਹਰਬਖਸ਼ ਸਿੰਘ ਦਾ ਟਾਕਰਾ ਹੋਇਆ ਤਾਂ ਇਤਿਹਾਸ ਦੱਸਦਾ ਹੈ ਕਿ ਇਸ ਪੰਜਾਬ ਦੇ ਸੂਰਬੀਰ ਯੋਧੇ ਨੇ ਮੈਦਾਨੇ ਜੰਗ ਵਿੱਚ ਦੁਸ਼ਮਣਾਂ ਨੂੰ ਲੋਹੇ ਦੇ ਚਣੇ ਚਬਾ ਦਿੱਤੇ ਅਤੇ ਭਾਰਤ ਨੂੰ ਬਹੁਤ ਵੱਡੀ ਇਤਿਹਾਸਿਕ ਜਿੱਤ ਦਵਾਈ। ਅੱਜ ਸਿੱਖ ਕੌਮ ਦੇ ਮਹਾਨ ਯੋਧੇ ਜਰਨੈਲ ਜਨਰਲ ਹਰਬਖਸ਼ ਸਿੰਘ ਦਾ ਇਤਿਹਾਸ ਸਨਹਿਰੀ ਪੰਨਿਆਂ ‘ਤੇ ਲਿਖਿਆ ਹੋਇਆ ਹੈ। ਜਿਸ ਨੂੰ ਅਸੀਂ ਦਿਨੋ ਦਿਨ ਭੁੱਲਦੇ ਜਾ ਰਹੇ ਹਾਂ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਬੱਚਿਆਂ ਨੂੰ ਇਤਿਹਾਸ ਨਾਲ ਜੋੜਨਾ ਚਾਹੀਦਾ ਹੈ ਅਤੇ ਸਕੂਲਾਂ ਵਿੱਚ ਐਸੇ ਮਹਾਨ, ਸੂਰਬੀਰ, ਯੋਧਿਆਂ, ਜਰਨੈਲਾਂ ਦਾ ਇਤਿਹਾਸ ਦੱਸਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਹੁਣ ਅਸੀਂ ਇਸ ਸੂਰਬੀਰ ਯੋਧੇ ਦੀ ਯਾਦ ਵਿੱਚ ਵਾਤਾਵਰਨ ਬਚਾਓ ਦਿਵਸ 27 ਅਪ੍ਰੈਲ ਨੂੰ ਮਾਝੇ ਦੀ ਧਰਤੀ ਸ਼੍ਰੀ ਅੰਮ੍ਰਿਤਸਰ ਸਾਹਿਬ ਵਿੱਚ ਮਨਾਵਾਂਗੇ ਅਤੇ ਉਸ ਦਿਨ ਸਮੂਹ ਸਿੱਖ ਜਗਤ ਦੀਆਂ ਜਥੇਬੰਦੀਆਂ ਨੂੰ ਸੱਦਾ ਦੇ ਕੇ ਇਸ ਯੋਧੇ ਜਰਨੈਲ ਦੀ ਬਹਾਦਰੀ ਦੇ ਕਿੱਸੇ ਦੱਸੇ ਜਾਣਗੇ। ਸੋਨੂੰ ਜੰਡਿਆਲਾ ਨੇ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਸ ਪ੍ਰੋਗਰਾਮ ਵਿੱਚ ਵੱਧ ਚੜ ਸ਼ਿਰਕਤ ਕਰਨ ਅਤੇ ਆਪਣੇ ਬੱਚਿਆਂ ਨੂੰ ਯੋਧਿਆਂ ਦਾ ਇਤਿਹਾਸ ਤੋਂ ਜਾਣੂ ਕਰਵਾਉਣ। ਇਸ ਮੌਕੇ ਸਾਬਕਾ ਫੌਜੀਆਂ ਦੇ ਪ੍ਰਧਾਨ ਦਿਲਬਾਗ ਸਿੰਘ, ਪ੍ਰਧਾਨ ਸਾਬਕਾ ਸੈਨਿਕ ਕਿਸਾਨ ਮਜ਼ਦੂਰ ਕਮੇਟੀ ਪੰਜਾਬ ਪ੍ਰਧਾਨ ਕਸ਼ਮੀਰ ਸਿੰਘ, ਸੀਨੀਅਰ ਮੀਤ ਪ੍ਰਧਾਨ ਤਸਵੀਰ ਸਿੰਘ ਜਿਲਾ ਅੰਮ੍ਰਿਤਸਰ ਪ੍ਰਧਾਨ, ਸੂਬੇਦਾਰ ਹੈਦਰ ਸਿੰਘ ਜਿਲਾ ਪ੍ਰਧਾਨ, ਕੁਲਬੀਰ ਸਿੰਘ ਬਾਬਾ ਦੀਪ ਸਿੰਘ ਜੀ ਹਰਿਆਲੀ ਮਿਸ਼ਨ, ਪਰਮਜੀਤ ਸਿੰਘ, ਲਖਵਿੰਦਰ ਸਿੰਘ ਚੇਅਰਮੈਨ ਦਸ਼ਮੇਸ਼ ਤਰਨਾ ਦਲ, ਜਸਬੀਰ ਸਿੰਘ ਖਾਲਸਾ, ਦਿਲਬਾਗ ਸਿੰਘ ਪ੍ਰਧਾਨ ਵੈਟਰ ਵੈਲਫੇਅਰ ਸੁਸਾਇਟੀ, ਪੰਜਾਬ ਵਾਈਸ ਪ੍ਰਧਾਨ ਐਚ.ਐਸ ਵਿਰਕ, ਜਨਰਲ ਸੈਕਟਰੀ ਨਜੀਤ ਸਿੰਘ, ਕੈਪਟਨ ਜਸਵੰਤ ਸਿੰਘ, ਪਰਮਿੰਦਰ ਸਿੰਘ, ਕਰਨ ਸਿੰਘ, ਸਕੱਤਰ ਸਿੰਘ, ਸੰਦੀਪ ਸਿੰਘ, ਸੋਨੂੰ ਕੋਟ ਖਾਲਸਾ, ਬਾਬਾ ਜਸਬੀਰ ਸਿੰਘ ਕੋਟ ਖਾਲਸਾ, ਗੁਰਮੁਖ ਸਿੰਘ, ਰਾਹੁਲ ਕੁਮਾਰ ਆਦਿ ਹਾਜ਼ਰ ਸਨ।



**ਜਨਰਲ ਹਰਬਖਸ਼ ਸਿੰਘ ਦਾ ਇਤਿਹਾਸ ਸਨਹਿਰੀ ਪੰਨਿਆਂ ‘ਤੇ ਲਿਖਿਆ ਹੋਇਆ ਹੈ: ਸੋਨੂੰ**

# ਲਿਬਰਲ ਪਾਰਟੀ ਉਮੀਦੁਆਰ ਸੁਮੀਰ ਜ਼ੁਬੇਰੀ ਨੇ ਸਿੱਖ ਪੰਜਾਬੀ ਭਾਈਚਾਰੇ ਨਾਲ ਮੁਲਾਕਾਤ ਕਰ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੁਣਿਆ

### ਪੰਜਾਬੀ ਹੈਲਥ ਐਂਡ ਐਜੂਕੇਸ਼ਨ ਆਰਗੇਨਾਈਜ਼ੇਸ਼ਨ ਵਲੋਂ ਰਖੀ ਗਈ ਸੀ ਚੋਣ ਪ੍ਰਚਾਰ ਮੌਕੇ ਵਿਸ਼ੇਸ਼ ਮੁਲਾਕਾਤ




**ਨਵੀਂ ਦਿੱਲੀ 10 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਕੈਨੇਡਾ ਵਿਖੇ 28 ਅਪ੍ਰੈਲ ਨੂੰ ਮੈਂਬਰ ਪਾਰਲੀਮੈਂਟ ਦੇ ਇਲੈਕਸ਼ਨ ਹੋਣ ਜਾ ਰਹੇ ਹਨ ਤੇ ਕੈਨੇਡੀਅਨ ਚੋਣਾਂ ਵਿੱਚ ਪੰਜਾਬੀ ਭਾਈਚਾਰੇ ਦਾ ਕਾਫੀ ਵੱਡਾ ਯੋਗਦਾਨ ਬਣ ਚੁਕਿਆ ਹੈ ਜਿਸ ਕਰਕੇ ਚੋਣ ਉੱਮੀਦੁਆਰਾਂ ਦੀਆਂ ਨਜਰਾਂ ਪੰਜਾਬੀ ਭਾਈਚਾਰੇ ਉਪਰ ਰਹਿੰਦੀਆਂ ਹਨ । ਪੰਜਾਬੀ ਹੈਲਥ ਐਂਡ ਐਜੂਕੇਸ਼ਨ ਆਰਗੇਨਾਈਜ਼ੇਸ਼ਨ ਜੋ ਪਿਛਲੇ ਕਈ ਸਾਲਾਂ ਤੋਂ ਕੈਨੇਡਾ ਦੇ ਮੌਂਟਰੀਆਲ ਵਿਖੇ ਪੰਜਾਬੀ ਭਾਈਚਾਰੇ ਲਈ ਅਣਥੱਕ ਸੇਵਾ ਕਰ ਰਹੇ ਹਨ ਵਲੋਂ ਡੀਡੀਓ ਖੇਤਰ ਤੋਂ ਮੈਂਬਰ ਪਾਰਲੀਮੈਂਟ ਰਹਿ ਚੁੱਕੇ ਅਤੇ ਲਿਬਰਲ ਪਾਰਟੀ ਤੋਂ ਮੌਜੂਦਾ ਉਮੀਦੁਆਰ ਸੁਮੀਰ ਜ਼ੁਬੇਰੀ ਦਾ ਸੰਸਥਾ ਦੇ ਮੈਂਬਰਾਂ ਵੱਲੋਂ ਸੁਆਗਤ ਕੀਤਾ ਗਿਆ । ਮੌਂਟਰੀਆਲ ਤੋਂ ਮੀਟਿੰਗ ਵਿਚ ਹਾਜਿਰ ਮਨਿੰਦਰ ਵਲੋਂ ਭੇਜੀ ਗਈ ਰਿਪੋਰਟ ਮੁਤਾਬਿਕ ਸੁਮੀਰ ਜ਼ੁਬੇਰੀ ਨੇ ਸੰਸਥਾ ਦੇ ਮੈਂਬਰਾਂ ਅਤੇ ਜਨਤਾ ਨਾਲ ਇਕ ਆਮ ਮਿਲਣੀ ਦੌਰਾਨ ਲਿਬਰਲ ਪਾਰਟੀ ਦੀਆਂ ਉਪਲਬਧੀਆਂ ਤੇ ਅਗਲੇ ਪ੍ਰੋਗਰਾਮ ਦੇ ਬਾਰੇ ਚਾਨਣ ਪਾਉਂਦਿਆਂ ਦੱਸਿਆ ਕਿ ਅਸੀਂ ਪੰਜਾਬੀ ਭਾਈਚਾਰੇ ਨਾਲ ਸੁੱਖ ਦੁੱਖ ਵਿੱਚ ਉਹਨਾਂ ਨਾਲ ਚਟਾਨ ਵਾਂਗ ਖੜੇ ਹੋਏ ਹਾਂ ਤੇ ਓਹਨਾ ਦੀ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਆਰਗਨਾਈਜੇਸ਼ਨ ਦੇ ਪ੍ਰਧਾਨ ਤਰਨਤੇਜ ਸਿੰਘ ਹੁੰਦਲ ਨੇ ਦਸਿਆ ਕੀ ਕੈਨੇਡਾ ਦੇ ਨਵੇ ਬਣਨੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਬਹੁਤ ਵਧੀਆ ਸ਼ਖਸ਼ੀਅਤ ਹਨ। ਲਖਵਿੰਦਰ ਸਿੰਘ ਉੱਪਲ ਨੇ ਕੈਨੇਡਾ ਵਿੱਚ ਰਹਿੰਦੇ ਪੰਜਾਬੀ ਭਾਈਚਾਰੇ ਨੂੰ ਲਿਬਰਲ ਪਾਰਟੀ ਦੀ ਸਪੋਰਟ ਕਰਨ ਅਪੀਲ ਕੀਤੀ, ਇਸ ਮੌਕੇ ਸਿੱਖ ਅਤੇ ਪੰਜਾਬੀ ਭਾਈਚਾਰੇ ਦੀਆਂ ਸਮੱਸਿਆਵਾਂ ਦਾ ਵੇਰਵਾ, ਡਾ. ਰਾਹੁਲ ਗਾਵਰੀ ਨੇ ਮੈਂਬਰ ਪਾਰਲੀਮੈਂਟ ਸੁਮੀਰ ਜ਼ੁਬੇਰੀ ਨੂੰ ਜਾਣੂ ਕਰਵਾਇਆ ਜਿਨ੍ਹਾਂ ਨੂੰ ਜ਼ੁਬੇਰੀ ਨੇ ਬਹੁਤ ਧਿਆਨ ਨਾਲ ਸੁਣਿਆ ਤੇ ਇੰਨ੍ਹਾ ਦਾ ਹੱਲ ਕਰਵਾਣ ਦਾ ਭਰੋਸਾ ਦਿਵਾਇਆ ਆਰਗੇਨਾਈਜੇਸ਼ਨ ਦੇ ਡਾਇਰੈਕਟਰ ਦਲਵਿੰਦਰ ਕੌਰ ਔਲਖ, ਕਪਿਲ ਦੇਵ, ਜੋਗਿੰਦਰ ਸਿੰਘ ਸਿੱਧੂ, ਅੰਮ੍ਰਿਪਾਲ ਕੌਰ, ਮੰਜੂ ਚੋਪੜਾ ਅਤੇ ਪੰਜਾਬੀ ਭਾਈਚਾਰੇ ਨੇ ਲਿਬਰਲ ਪਾਰਟੀ ਨੂੰ ਸਪੋਰਟ ਕਰਨ ਦਾ ਵਾਇਦਾ ਕੀਤਾ। ਅੰਤ ਵਿਚ ਸੰਸਥਾ ਵਲੋਂ ਮੀਟਿੰਗ ਵਿੱਚ ਆਏ ਮੈਂਬਰਾਂ ਤੇ ਲੋਕਾਂ ਦਾ ਧੰਨਵਾਦ ਕੀਤਾ ਗਿਆ ।

ਆਵਾਜ਼ਿ ਕੌਮ AWAZE QAUM International Newspaper & WEB TV

# ਆਰ.ਬੀ.ਐਸ.ਕੇ ਟੀਮ ਵੱਲੋਂ ਦਿਲ ਦੀ ਬਿਮਾਰੀ ਤੋ ਪੀੜਤ ਬੱਚੇ ਦਾ ਮੁਫ਼ਤ ਇਲਾਜ ਕਰਵਾਇਆ



**ਸ਼ੇਰਪੁਰ ( ਰਣਜੀਤ ਸਿੰਘ ਪੇਧਨੀ )** -ਕਮਿਊਨਿਟੀ ਹੈਲਥ ਸੈਂਟਰ ਵੱਲੋਂ ਮਾਨਯੋਗ ਡਿਪਟੀ ਕਮਿਸ਼ਨਰ ਸੰਗਰੂਰ ਸ੍ਰੀ ਸੰਦੀਪ ਰਿਸ਼ੀ ਆਈ ਏ ਐਸ ਅਤੇ ਡਾ ਸੰਜੇ ਕਾਮਰਾ ਸਿਵਲ ਸਰਜਨ ਸੰਗਰੂਰ ਦੇ ਦਿਸਾਂ ਨਿਰਦੇਸ਼ਾ ਤਹਿਤ ਅਤੇ ਡਾ ਸੁਦੀਪ ਸਿੱਧੂ ਸੀਨੀਅਰ ਮੈਡੀਕਲ ਅਫ਼ਸਰ ਸ਼ੇਰਪੁਰ ਦੀ ਦੇਖ ਰੇਖ ਹੇਠ ਕਮਿਊਨਿਟੀ ਹੈਲਥ ਸੈਂਟਰ ਦੀ ਟੀਮ ਵੱਲੋਂ ਦਿਲ ਦੀ ਭਿਆਨਿਕ ਬਿਮਾਰੀ ਤੋਂ ਪੀੜਤ ਬੱਚੀ ਦਾ ਮੁਫ਼ਤ ਇਲਾਜ ਕਰਵਾਇਆ ਗਿਆ। ਤਰਸੇਮ ਸਿੰਘ ਬੀ ਈ ਈ ਸ਼ੇਰਪੁਰ ਨੇ ਜਾਣਕਾਰੀ ਦਿੰਦਿਆ ਦੱਸਿਆ ਕੇ ਸਿਮਰਨਜੀਤ ਕੌਰ ਪੁੱਤਰੀ ਸੰਦੀਪ ਸਿੰਘ ਵਾਸੀ ਪਿੰਡ ਹੇੜੀਕੇ ਨੂੰ ਸਮੇਂ ਸਮੇਂ ਆਰ ਬੀ ਐਸ਼ ਕੇ ਟੀਮ ਦੇ ਇੰਚਾਰਜ ਡਾ ਸੀਮਾ ਸਿੰਗਲਾ ਏ ਐਮ ਓ ਅਤੇ ਗੁਰਪ੍ਰੀਤ ਸਿੰਘ ਟੀਮ ਮੈਂਬਰ ਵੱਲੋਂ ਦਿਲ ਦੀ ਭਿਆਨਿਕ ਬਿਮਾਰੀ ਤੋ ਪੀੜਤ ਬੱਚੀ ਦੇ ਮਾਤਾ ਪਿਤਾ ਨੂੰ ਸਮੇਂ ਸਮੇਂ ਤੇ ਜਾਗਰੂਕ ਕਰਕੇ ਮੁਫ਼ਤ ਅਪ੍ਰੇਸ਼ਨ ਸਬੰਧੀ ਦੱਸਿਆ ਗਿਆ ਸੀ ਕਿ ਤੁਸੀ ਆਪਣੀ ਬੇਟੀ ਦੇ ਦਿਲ ਦਾ ਅਪ੍ਰੇਸ਼ਨ ਮੋਹਾਲੀ ਦੇ ਫੋਰਟਿਸ ਹਸਪਤਾਲ ਵਿੱਚੋ ਮੁਫ਼ਤ ਕਰਵਾਉ। ਡਾ ਸੀਮਾ ਸਿੰਗਲਾ ਏ ਐਮ ਓ ਅਤੇ ਗੁਰਪ੍ਰੀਤ ਸਿੰਘ ਟੀਮ ਮੈਂਬਰ ਆਰ.ਬੀ.ਐਸ.ਕੇ. ਦੀ ਪੂਰੀ ਟੀਮ ਦੇ ਸਲਾਘਾਂਯੋਗ ਕਾਰਜਾ ਸਦਕਾ ਬੱਚੀ ਦਾ ਸਫਲ ਅਪ੍ਰੇਸ਼ਨ ਫੋਰਟਿਸ਼ ਹਸਪਤਾਲ ਮੋਹਾਲੀ ਵਿਖੇ ਰੈਫਰ ਕਰਕੇ ਮੁਫ਼ਤ ਕਰਵਾਇਆ ਗਿਆ । ਇਸ ਮੋਕੇ ਡਾ ਮੈਗੀ ਬਾਂਸਲ ਐਮ ਓ, ਰਾਜਵੀਰ ਸਿੰਘ ਐਸ. ਆਈ, ਹਰਜਿੰਦਰ ਸਿੰਘ ਜਲੂਰ ਬੀ ਐਸ ਏ ਅਤੇ ਲੜਕੀ ਅਤੇ ਉਸਦੀ ਮਾਤਾ ਅਤੇ ਪਿਤਾ ਸੰਦੀਪ ਸਿੰਘ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਸਮੈਥਵਿਕ ਗੁਰਦੁਆਰਾ ਸਾਹਿਬ ਅਤੇ ਕੈਨਾਲ ਐਂਡ ਰਿਵਰ ਟਰੱਸਟ ਵਲੋਂ**

# ਵਿਸਾਖੀ ਦਾ ਤਿਓਹਾਰ ਨਹਿਰ ਕਿਨਾਰੇ ਕੀਤਾ ਗਿਆ ਆਯੋਜਿਤ



ਨਵੀਂ ਦਿੱਲੀ 10 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਖਾਲਸਾ ਪੰਥ ਦਾ ਸਾਜਨਾ ਦਿਵਸ ਵਿਸਾਖੀ ਦਾ ਤਿਓਹਾਰ ਮਨਾਉਣ ਦਾ ਇਕ ਵਿਸ਼ੇਸ਼ ਪ੍ਰੋਗਰਾਮ, ਯੂਕੇ ਦੇ ਸਮੈਥਵਿਕ ਗੁਰਦੁਆਰਾ ਸਾਹਿਬ ਅਤੇ ਕੈਨਾਲ ਐਂਡ ਰਿਵਰ ਟਰੱਸਟ ਵਲੋਂ ਨਹਿਰ ਕਿਨਾਰੇ ਆਯੋਜਿਤ ਕੀਤਾ ਗਿਆ ਜੋ ਕਿ ਪ੍ਰਬੰਧਕਾਂ ਵਲੋਂ ਇੱਕ ਸ਼ਾਨਦਾਰ ਨਿਵੇਕਲੀ ਸਫਲਤਾ ਸੀ। ਕੈਨਾਲ ਐਂਡ ਰਿਵਰ ਟਰੱਸਟ ਅਤੇ ਗੁਰੂ ਨਾਨਕ ਗੁਰਦੁਆਰਾ ਸਮੈਥਵਿਕ ਦੁਆਰਾ ਸਾਂਝੇਦਾਰੀ ਵਿੱਚ ਆਯੋਜਿਤ, ਇਹ ਪ੍ਰੋਗਰਾਮ ਟੋਲ ਹਾਊਸ (ਬ੍ਰਿਜ ਸਟਰੀਟ ਨੌਰਥ, ਸਮੈਥਵਿਕ ਰਾਹੀਂ ਨਹਿਰ ਦਾ ਪ੍ਰਵੇਸ਼ ਦੁਆਰ) ਦੇ ਨੇੜੇ ਹੋਇਆ ਅਤੇ ਇਸ ਵਿਚ ਸਾਰੇ ਧਰਮਾਂ ਦੇ ਪਰਿਵਾਰਾਂ ਅਤੇ ਸੈਲਾਨੀਆਂ ਦਾ ਸਵਾਗਤ ਕੀਤਾ ਗਿਆ। ਇਹ ਦਿਨ ਹਰ ਉਮਰ ਲਈ ਮੁਫਤ ਗਤੀਵਿਧੀਆਂ ਨਾਲ ਭਰਿਆ ਹੋਇਆ ਸੀ, ਜਿਸ ਵਿੱਚ ਉਛਾਲ ਭਰਨੀਆਂ, ਰੱਸਾਕਸ਼ੀ, ਕਾਇਆਕਿੰਗ, ਪ੍ਰੇਰਨਾਦਾਇਕ ਵਿਸਾਖੀ ਭਾਸ਼ਣ ਉਪਰੰਤ ਲੰਗਰ ਸਾਰੇ ਹਾਜ਼ਰੀਨ ਨੂੰ ਦਿੱਤਾ ਜਾਂਦਾ ਹੈ ਜੋ ਕਿ ਸਿੱਖ ਪਰੰਪਰਾ ਦੀ ਨਿਰਸਵਾਰਥ ਸੇਵਾ ਨੂੰ ਜਾਰੀ ਰੱਖਦਾ ਹੈ। ਇਸ ਸਮਾਗਮ ਵਿੱਚ ਬੋਲਦਿਆਂ, ਗੁਰੂ ਨਾਨਕ ਗੁਰਦੁਆਰਾ ਸਮੈਥਵਿਕ ਦੇ ਪ੍ਰਧਾਨ ਕੁਲਦੀਪ ਸਿੰਘ ਦਿਓਲ ਨੇ ਕਿਹਾ ਕਿ ਕੁਦਰਤ ਸਿੱਖ ਧਰਮ ਦਾ ਕੇਂਦਰ ਹੈ, ਅਤੇ ਸਾਨੂੰ ਆਪਣੇ ਵਾਤਾਵਰਣ ਦਾ ਸਤਿਕਾਰ ਕਰਨਾ ਅਤੇ ਉਨ੍ਹਾਂ ਦੀ ਦੇਖਭਾਲ ਕਰਨਾ ਸਿਖਾਇਆ ਜਾਂਦਾ ਹੈ। ਇਸ ਤਰ੍ਹਾਂ ਦੇ ਸਮਾਗਮ ਵੱਖ ਵੱਖ ਭਾਈਚਾਰੇ ਨੂੰ ਉਨ੍ਹਾਂ ਦੇ ਪਿਛੋਕੜ ਦੀ ਪਰਵਾਹ ਕੀਤੇ ਬਿਨਾਂ ਕੁਦਰਤ ਨਾਲ ਜੋੜਨ ਵਿੱਚ ਮਦਦ ਕਰਦੇ ਹਨ, ਅਤੇ ਸਾਨੂੰ ਬਰਮਿੰਘਮ ਵਰਗੇ ਭੀੜ-ਭੜੱਕੇ ਵਾਲੇ ਸ਼ਹਿਰ ਦੇ ਦਿਲ ਵਿੱਚ ਵੀ ਮੌਜੂਦ ਸੁੰਦਰਤਾ ਅਤੇ ਸ਼ਾਂਤੀ ਦੀ ਯਾਦ ਦਿਵਾਉਂਦੇ ਹਨ। ਅਸੀਂ ਕੈਨਾਲ ਐਂਡ ਰਿਵਰ ਟਰੱਸਟ ਅਤੇ ਉਨ੍ਹਾਂ ਦੇ ਸਮਰਪਿਤ ਵਲੰਟੀਅਰਾਂ ਦੇ ਧੰਨਵਾਦੀ ਹਾਂ ਕਿ ਉਨ੍ਹਾਂ ਨੇ ਇਸ ਦਿਨ ਨੂੰ ਭਾਈਚਾਰੇ ਲਈ ਯਾਦਗਾਰੀ ਬਣਾਉਣ ਲਈ ਸਾਡੇ ਨਾਲ ਭਾਈਵਾਲੀ ਕੀਤੀ। ਉਨ੍ਹਾਂ ਵਿਸਾਖੀ ਬਾਰੇ ਹਾਜ਼ਰੀਨ ਸੰਗਤਾਂ ਨੂੰ ਦਸਦੇ ਹੋਏ ਕਿਹਾ ਕਿ ਸਿੱਖ ਕੈਲੰਡਰ ਵਿੱਚ ਵਿਸਾਖੀ ਇੱਕ ਮਹੱਤਵਪੂਰਨ ਤਿਓਹਾਰ ਹੈ, ਜੋ 1699 ਵਿੱਚ 10ਵੇਂ ਗੁਰੂ, ਗੁਰੂ ਗੋਬਿੰਦ ਸਿੰਘ ਜੀ ਦੁਆਰਾ ਖਾਲਸਾ ਦੇ ਗਠਨ ਦੀ ਯਾਦ ਦਿਵਾਉਂਦਾ ਹੈ। ਖਾਲਸਾ ਨੂੰ ਨਿਆਂ ਲਈ ਖੜ੍ਹੇ ਹੋਣ, ਕਮਜ਼ੋਰਾਂ ਦੀ ਰੱਖਿਆ ਕਰਨ ਅਤੇ ਧਾਰਮਿਕਤਾ ਨੂੰ ਬਰਕਰਾਰ ਰੱਖਣ ਲਈ ਬਣਾਇਆ ਗਿਆ ਸੀ। ਵਿਸਾਖੀ ਸਿੱਖ ਧਰਮ ਦੇ ਜਨਮ ਸਥਾਨ, ਪੰਜਾਬ ਵਿੱਚ ਰਵਾਇਤੀ ਵਾਢੀ ਦੇ ਤਿਓਹਾਰ ਨੂੰ ਵੀ ਦਰਸਾਉਂਦੀ ਹੈ। ਗੁਰੂ ਨਾਨਕ ਗੁਰਦੁਆਰਾ ਸਮੈਥਵਿਕ ਲੋਕਾਂ ਨੂੰ ਇਕੱਠੇ ਲਿਆਉਣ, ਏਕਤਾ ਨੂੰ ਉਤਸ਼ਾਹਿਤ ਕਰਨ ਅਤੇ ਵਿਸ਼ਵਾਸ ਅਤੇ ਸੱਭਿਆਚਾਰ ਨੂੰ ਇੱਕ ਸਮਾਵੇਸ਼ੀ, ਸਵਾਗਤਯੋਗ ਤਰੀਕੇ ਨਾਲ ਮਨਾਉਣ ਲਈ ਵਚਨਬੱਧ ਹੈ।

**ਖਾਲਸਾ ਨੂੰ ਨਿਆਂ ਲਈ ਖੜ੍ਹੇ ਹੋਣ, ਕਮਜ਼ੋਰਾਂ ਦੀ ਰੱਖਿਆ ਕਰਨ ਅਤੇ ਧਾਰਮਿਕਤਾ ਨੂੰ ਬਰਕਰਾਰ ਰੱਖਣ ਲਈ ਬਣਾਇਆ ਗਿਆ: ਕੁਲਦੀਪ ਸਿੰਘ ਦਿਓਲ**

## ਹਰਿਆਣਾ ਦੇ ਰੋਹਤਕ 'ਚ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸਿੱਖੀ ਦਾ ਪ੍ਰਚਾਰ



ਨਵੀਂ ਦਿੱਲੀ, 10 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-ਧਰਮ ਪ੍ਰਚਾਰ ਦੀ ਲਹਿਰ ਨੂੰ ਪ੍ਰਚੰਡ ਕਰਨ ਲਈ ਕੀਤੇ ਜਾ ਰਹੇ ਯਤਨਾਂ ਦੇ ਤਹਿਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅੱਜ ਹਰਿਆਣਾ ਦੇ ਰੋਹਤਕ ਸ਼ਹਿਰ ਵਿਖੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨਛੋਹ ਪ੍ਰਾਪਤ ਅਸਥਾਨ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਇਲਾਕੇ ਦੀ ਸੰਗਤ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਇਸ ਮੌਕੇ ਜਾਟ ਭਾਈਚਾਰੇ ਵਿੱਚੋਂ ਵੱਡੀ ਗਿਣਤੀ ਵਿੱਚ ਸਿੰਘ ਸਜੇ ਹਰਿਆਣਾ ਦੇ ਨਿਵਾਸੀ ਸ. ਮਨੋਜ ਸਿੰਘ ਦੂਹਨ ਦੀ ਅਗਵਾਈ ਵਿੱਚ ਗੁਰੂ ਘਰ ਵਿਖੇ ਸੰਗਤ ਰੂਪ ਵਿੱਚ ਸ਼ਾਮਲ ਹੋਏ ਜਿਨ੍ਹਾਂ ਨੂੰ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਿੰਘ ਸਜਣ ਦੀ ਵਧਾਈ ਦਿੱਤੀ। ਜਥੇਦਾਰ ਗੜਗੱਜ ਨੇ ਕਿਹਾ ਕਿ ਕਿਸਾਨ ਅੰਦੋਲਨ ਵੇਲੇ ਸਭ ਦੇ ਇਕਜੁੱਟ ਹੋਣ ਮੌਕੇ ਪੰਜਾਬ, ਹਰਿਆਣਾ, ਰਾਜਸਥਾਨ ਤੇ ਪੱਛਮੀ ਉੱਤਰ ਪ੍ਰਦੇਸ਼ ਦੇ ਲੋਕਾਂ ਦੀਆਂ ਸਾਂਝਾ ਬਣੀਆਂ ਅਤੇ ਇਸੇ ਦੌਰਾਨ ਇਨ੍ਹਾਂ ਖੇਤਰਾਂ ਦੇ ਵੱਖ-ਵੱਖ ਭਾਈਚਾਰਿਆਂ ਖਾਸ ਕਰ ਜਾਟ ਭਾਈਚਾਰੇ ਦੇ ਲੋਕ ਸਿੱਖੀ ਵਿੱਚ ਸ਼ਾਮਲ ਹੋਏ। ਜਥੇਦਾਰ ਗੜਗੱਜ ਨੇ ਸੰਗਤ ਨਾਲ ਵਿਚਾਰ ਕਰਦਿਆਂ ਕਿਹਾ ਕਿ ਗੁਰਬਾਣੀ ਸਾਨੂੰ ਸਾਂਝੀਵਾਲਤਾ ਤੇ ਆਪਸੀ ਭਾਈਚਾਰੇ ਦਾ ਸੰਦੇਸ਼ ਦਿੰਦੀ ਹੈ, ਇਸ ਲਈ ਸਿੱਖੀ ਅੰਦਰ ਹਰ ਵਰਗ ਦਾ ਬਰਾਬਰ ਸਤਿਕਾਰ ਹੈ। ਉਨ੍ਹਾਂ ਭਗਤ ਧੰਨਾ ਜੀ, ਭਗਤ ਰਵੀਦਾਸ ਜੀ ਅਤੇ ਭਗਤ ਕਬੀਰ ਜੀ ਸਮੇਤ ਸਮੂਹ ਭਗਤ ਸਾਹਿਬਾਨਾਂ ਦੀ ਬਾਣੀ ਦੇ ਹਵਾਲੇ ਨਾਲ ਸਮੂਹ ਸੰਗਤ ਨੂੰ ਸਿੱਖੀ ਨਾਲ ਜੁੜਨ ਦੀ ਪ੍ਰੇਰਨਾ ਕੀਤੀ। ਇਸ ਦੌਰਾਨ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਸਰ ਛੋਟੂ ਰਾਮ ਜਾਟ ਮਾਡਲ ਸਕੂਲ ਦਾ ਦੌਰਾ ਵੀ ਕੀਤਾ। ਉਨ੍ਹਾਂ ਕਿਹਾ ਕਿ 100 ਸਾਲ ਪਹਿਲਾਂ ਸਾਂਝੇ ਪੰਜਾਬ ਵਿੱਚ ਇੱਕ ਆਗੂ ਅਜਿਹਾ ਸੀ ਜੋ ਕਿਸਾਨੀ ਦੇ ਮੁੱਦਿਆਂ ਨੂੰ ਸਮਝ ਰਹੇ ਸਨ ਅਤੇ ਉਨ੍ਹਾਂ ਦੀ ਸਮਾਜਿਕ ਆਰਥਿਕ ਹਾਲਤ ਨੂੰ ਬਿਹਤਰ ਬਣਾਉਣ ਲਈ ਉੱਧਮ ਕਰ ਰਹੇ ਸਨ। ਉਨ੍ਹਾਂ ਸ਼ਾਹੂਕਾਰਾਂ ਦੇ ਕਰਜ਼ ਤੋਂ ਕਿਸਾਨਾਂ ਨੂੰ ਬਚਾਉਣ ਦਾ ਹੰਭਲਾ ਮਾਰਿਆ। ਸਰ ਛੋਟੂ ਰਾਮ ਕਿਸਾਨ ਆਗੂ ਇੰਨੇ ਦੂਰਦ੍ਰਿਸ਼ਟੀ ਵਾਲੇ ਸਨ ਕਿ ਉਨ੍ਹਾਂ ਦੇ ਕਿਸਾਨ ਕਲਿਆਣ ਕੋਸ਼ ਤੋਂ ਵਜ਼ੀਫ਼ੇ ਬਦੌਲਤ ਮੁਹੰਮਦ ਅਬਦੁੱਸ ਸਲਾਮ ਵਰਗੇ ਪੜ੍ਹੇ ਜੋ ਅੱਗੇ ਜਾ ਕੇ ਨੋਬਲ ਪੁਰਸਕਾਰ ਸਨਮਾਨਤ ਵਿਗਿਆਨੀ ਹੋਏ ਹਨ। ਇਸ ਮੌਕੇ ਜਥੇਦਾਰ ਕੁਲਦੀਪ ਸਿੰਘ ਗੜਗੱਝ ਨੇ ਰੋਹਤਕ ਵਿਖੇ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ ਵੱਲੋਂ ਥਾਪੇ 22 ਮੰਜੀਦਾਰ ਸਿੱਖਾਂ ਵਿੱਚੋਂ ਭਾਈ ਮਥੋ ਮੁਰਾਰੀ ਜੀ ਦੇ ਗੁਰ ਅਸਥਾਨ ਗੁਰਦੁਆਰਾ ਸ੍ਰੀ ਟਿਕਾਣਾ ਸਾਹਿਬ ਵਿਖੇ ਵੀ ਹਾਜ਼ਰੀ ਭਰੀ, ਜਿਸ ਦਾ ਪ੍ਰਬੰਧ ਸੇਵਾ ਪੰਥੀ ਸੰਪਰਦਾ ਦੇ ਮਹੰਤ ਦਿਲਬਾਗ ਸਿੰਘ ਜੀ ਕਰ ਰਹੇ ਹਨ। ਜਥੇਦਾਰ ਗੜਗੱਜ ਨੇ ਇੱਥੇ ਵੀ ਸੰਗਤ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ।

## ਆਰਐਸਐਸ ਅਤੇ ਭਾਜਪਾ ਦੇ ਸਮਰਥਕ ਸਾਬਕਾ ਐਮਪੀ ਤਰਲੋਚਨ ਸਿੰਘ ਵਲੋਂ ਜੱਥੇਦਾਰ ਉਪਰ ਕਿੰਤੂ ਪ੍ਰੰਤੂ ਕਰਣਾ ਚਿੰਤਾਜਨਕ: ਪੀਤਮਪੁਰਾ



ਨਵੀਂ ਦਿੱਲੀ, 10 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-ਆਰਐਸਐਸ ਅਤੇ ਭਾਜਪਾ ਦੇ ਸਮਰਥਕ ਸਾਬਕਾ ਐਮਪੀ ਤਰਲੋਚਨ ਸਿੰਘ ਵਲੋਂ ਜੱਥੇਦਾਰ ਦੇ ਲਗਾਣ ਉਪਰ ਕਿੰਤੂ ਪ੍ਰੰਤੂ ਕਰਣਾ ਬਹੁਤ ਚਿੰਤਾਜਨਕ ਹੈ ਤੇ ਸਾਨੂੰ ਦੱਸਣਗੇ ਕਿ ਕੌਮ ਦੇ ਜਥੇਦਾਰ ਕਿਵੇਂ ਲਾਏ ਜਾਣ ਇਹ ਹਾਸੋ ਹੀਣਾ ਲਗਦਾ ਹੈ ਕਿਉਕਿ ਇਹੋ ਜਿਹੇ ਲੋਕ ਤਦ ਨਹੀਂ ਬੋਲਦੇ ਜਦ ਭਾਜਪਾ ਸਿੱਖਾਂ ਦੇ ਧਾਰਮਿਕ ਸਥਾਨਾਂ ਤੇ ਅਤੇ ਇਤਿਹਾਸਕ ਗੁਰੂ ਘਰਾਂ 'ਤੇ ਕਬਜ਼ੇ ਕਰਦੀ ਹੈ । ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਸੀਨੀਅਰ ਯੂਥ ਆਗੂ ਜਸਮੀਤ ਸਿੰਘ (ਪੀਤਮਪੁਰਾ) ਨੇ ਪ੍ਰੈਸ ਨੂੰ ਜਾਰੀ ਇਕ ਬਿਆਨ ਰਾਹੀਂ ਕਿਹਾ ਕਿ ਜਦ ਆਰਐਸਐਸ ਦੀ ਸੋਚ ਨੂੰ ਮੰਨਣ ਵਾਲੀਆਂ ਸਰਕਾਰਾਂ ਨੇ ਸਿੱਖ ਇਤਿਹਾਸ, ਸੱਭਿਆਚਾਰ ਅਤੇ ਗੁਰੂ ਘਰਾਂ 'ਤੇ ਕਬਜ਼ੇ ਕਰਨਾ ਸ਼ੁਰੂ ਕੀਤਾ ਤਦ ਇਹ ਲੋਕ ਕਿੱਥੇ ਸਨ.? ਤਰਲੋਚਨ ਸਿੰਘ ਵਰਗੇ "ਸੰਘੀ ਦੂਤ" ਅੱਜ ਜਦੋਂ ਕੌਮ ਲਈ ਆਵਾਜ਼ ਬੁਲੰਦ ਕਰਨ ਦੀ ਲੋੜ ਹੈ, ਤਦ ਵੀ ਭਾਜਪਾ ਦੇ ਇਸ਼ਾਰੇ ਤੇ ਬੋਲ ਰਹੇ ਹਨ। ਅਸੀਂ ਤਰਲੋਚਨ ਸਿੰਘ ਨੂੰ ਪੁੱਛਣਾ ਚਾਹੁੰਦੇ ਹਾਂ ਕਿ ਜਦ ਭਾਜਪਾ ਸਰਕਾਰ ਨੇ ਦਿੱਲੀ ਦੇ ਗੁਰੂ ਘਰਾਂ 'ਤੇ ਦਖ਼ਲਅੰਦਾਜ਼ੀ ਕੀਤੀ, ਅੱਧੀ ਰਾਤ ਨੂੰ ਪੁਲਿਸ ਭੇਜ ਕੇ ਦਿੱਲੀ ਕਮੇਟੀ ਤੇ ਕਬਜ਼ਾ ਕੀਤਾ, ਜਦ ਤਖ਼ਤਾਂ ਦੀ ਪ੍ਰਬੰਧਕੀ ਅਜ਼ਾਦੀ ਉਤੇ ਹਮਲੇ ਹੋਏ, ਤਦ ਤਰਲੋਚਨ ਸਿੰਘ ਦੀ ਆਵਾਜ਼ ਕਿਉਂ ਨਹੀਂ ਸੁਣਾਈ ਦਿੱਤੀ.? ਉਨ੍ਹਾਂ ਕਿਹਾ ਕਿ ਕੌਮ ਦੇ ਜਥੇਦਾਰ ਦੀ ਚੋਣ ਪ੍ਰਕਿਰਿਆ ਸਾਡੇ ਧਰਮਕ ਮੂਲ ਸਿਧਾਂਤਾਂ ਤੇ ਆਧਾਰਿਤ ਹੈ ਨਾ ਕਿ ਆਰਐਸਐਸ ਦੇ ਦਫ਼ਤਰਾਂ 'ਚ ਲਿਖੀ ਗਈ ਸਕ੍ਰਿਪਟਾਂ ਉੱਤੇ। ਸ਼੍ਰੋਮਣੀ ਅਕਾਲੀ ਦਲ ਇਸ ਗੱਲ ਨੂੰ ਸਾਫ਼ ਕਰਦੀ ਹੈ ਕਿ ਸਿੱਖ ਪੰਥ ਦੇ ਮਸਲਿਆਂ ਉਪਰ ਨਾ ਅਸੀਂ ਆਰਐਸਐਸ ਦੀ ਦੱਖਲਅੰਦਾਜ਼ੀ ਮਨਾਂਗੇ, ਨਾ ਸਿੱਖ ਰਿਹਾਇਸ਼ਾਂ ਅਤੇ ਗੁਰੂ ਘਰਾਂ ਉੱਤੇ ਕਿਸੇ ਵੀ ਸਿਆਸੀ ਹਕੂਮਤ ਦਾ ਕਬਜ਼ਾ। ਕੌਮ ਦੀ ਆਵਾਜ਼ ਅੱਜ ਵੀ ਜ਼ਿੰਦਾ ਹੈ, ਤੇ ਇਹ ਆਵਾਜ਼ ਸਾਫ਼ ਤੌਰ 'ਤੇ ਕਹਿੰਦੀ ਹੈ ਬਸ ਹੁਣ ਹੋਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।



**ਡੇਰਾ ਬਾਬਾ ਸ੍ਰੀ ਚੰਦ ਜੀ ਮਹਾਰਾਜ ਤਪਿਆਣਾ ਸਾਹਿਬ ਟਾਗਰਾ ਦੇ ਮੌਜੂਦਾ ਮੁੱਖੀ ਸੰਤ ਬਾਬਾ ਦਰਸਨ ਦਾਸ ਜੀ 46 ਵਾ' ਜਨਮ ਦਿਨ ਮਨਾਇਆ ਗਿਆ। (ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)**

**ਈ.ਟੀ.ਓ. ਨੇ ਉਦੋਨੰਗਲ ਵਿਖੇ**

# 4 ਕਰੋੜ 26 ਲੱਖ ਦੇ ਵਿਕਾਸ ਕੰਮਾਂ ਦਾ ਕੀਤਾ ਉਦਘਾਟਨ



ਚੌਂਕ ਮਹਿਤਾ, 10 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)- ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਅੱਜ ਪਿੰਡ ਉਦੋਨੰਗਲ ਵਿਖੇ ਆਪ ਪਾਰਟੀ ਦੇ ਸੀਨੀ. ਆਗੂ ਬਲਜੀਤ ਸਿੰਘ ਚਾਹਲ (ਜੁਆਇਟ ਸੈਕਟਰੀ ਪੰਜਾਬ) ਦੇ ਗ੍ਰਹਿ ਵਿਖੇ ਉਚੇਚੇ ਤੌਰ ਤੇ ਪਹੁੰਚੇ। ਜਿੱਥੇ ਉਨਾਂ ਦੇ ਨਾਲ ਚੇਅਰਮੈਨ ਡਾ. ਗੁਰਵਿੰਦਰ ਸਿੰਘ ਰੰਧਾਵਾ, ਬਲਾਕ ਪ੍ਰਧਾਨ ਜਰਮਨ ਉਦੋਨੰਗਲ, ਬਲਜੀਤ ਸਿੰਘ ਚਾਹਲ ਜੁਆਇਟ ਸੈਕਟਰੀ ਪੰਜਾਬ, ਬਲਾਕ ਪ੍ਰਧਾਨ ਅਜੈ ਗਾਂਧੀ ਅਤੇ ਬਲਾਕ ਪ੍ਰਧਾਨ ਗੁਰਜਿੰਦਰ ਸਿੰਘ ਘੁਹਾਟਵਿੰਡ ਵੀ ਮੌਜੂਦ ਸਨ। ਇਸ ਦੌਰਾਨ ਮੰਤਰੀ ਈ.ਟੀ.ਓ. ਨੇ 4 ਕਰੋੜ 26 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ ਵੱਖ ਵੱਖ ਸੜਕਾਂ ਅਤੇ ਕੱਚੇ ਰਸਤਿਆਂ ਨੂੰ ਇੰਟਰਲਾਕ ਟਾਇਲਾਂ ਲਗਾ ਕੇ ਪੱਕਾ ਕਰਨ ਦਾ ਰਸਮੀ ਉਦਘਾਟਨ ਕੀਤਾ। ਮੰਤਰੀ ਈ.ਟੀ.ਓ. ਨੇ ਆਖਿਆ ਕਿ ਸੂਬੇ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਉੱਤੇ ਭਰੋਸਾ ਕਰਕੇ ਸਾਨੂੰ ਸੱਤਾ ਸੌਂਪੀ ਹੈ, ਜਿਸ ਕਰਕੇ ਸਾਡਾ ਵੀ ਫਰਜ ਬਣਦਾ ਹੈ ਕਿ ਅਸੀਂ ਲੋਕਾਂ ਦੀਆਂ ਉਮੀਦਾਂ ਤੇ ਖਰਾ ਉਤਰੀਏ। ਉਨਾਂ ਕਿਹਾ ਕਿ ਪਿੰਡ ਉਦੋਨੰਗਲ ਤੋਂ ਬਲਾਕ ਪ੍ਰਧਾਨ ਜਰਮਨ ਉਦੋਨੰਗਲ, ਬਲਜੀਤ ਸਿੰਘ ਚਾਹਲ ਤੇ ਅਮਰਜੀਤ ਸਿੰਘ ਭੋਲਾ ਪਾਰਟੀ ਦੀ ਮਜ਼ਬੂਤੀ ਲਈ ਪੂਰੀ ਸਰਗਰਮੀ ਨਾਲ ਕੰਮ ਕਰ ਰਹੇ ਹਨ। ਆਓ ਸਾਰੇ ਮਿਲ ਕੇ ਕੰਮ ਕਰੀਏ ਤੇ ਪਾਰਟੀ ਨੂੰ ਹੋਰ ਬੁਲੰਦੀਆਂ ਤੇ ਲੈਕੇ ਚੱਲੀਏ। ਇਸ ਮੌਕੇ ਅਮਰਜੀਤ ਸਿੰਘ ਭੋਲਾ, ਪ੍ਰਧਾਨ ਜਗਮੇਲ ਸਿੰਘ, ਕੇਵਲ ਸਿੰਘ, ਸਵਰਨ ਸਿੰਘ ਮੰਡੀ ਬੋਰਡ, ਭਗਤ ਸਿੰਘ ਪਰਜਾਪਤ (ਸਾਰੇ ਪੰਚ), ਸਰਪੰਚ ਹਰਪ੍ਰੀਤ ਸਿੰਘ ਦੀਪੂ ਉਦੋਨੰਗਲ ਖੁਰਦ, ਸਰਪੰਚ ਮਨਜੀਤ ਸਿੰਘ ਫੌਜੀ ਮਲਕ ਨੰਗਲ, ਸਰਪੰਚ ਬਲਵਿੰਦਰ ਸਿੰਘ ਰਜਧਾਨ, ਸਰਪੰਚ ਪਲਵਿੰਦਰ ਸਿੰਘ ਨੰਗਲੀ ਖੁਰਦ, ਸਰਪੰਚ ਗੁਰਵੇਲ ਸਿੰਘ ਜਲਾਲ, ਸਰਪੰਚ ਮਾ. ਦਿਲਬਾਗ ਸਿੰਘ ਦਿਆਲਗੜ, ਨਿਸ਼ਾਨ ਸਿੰਘ ਗੋਲਡੀ, ਐਸ.ਐਚ.ਓ. ਸਮਸ਼ੇਰ ਸਿੰਘ ਮਹਿਤਾ, ਐਸ.ਡੀ.ਓ. ਰਵਿੰਦਰ ਸਿੰਘ, ਦਵਿੰਦਰ ਸਿੰਘ ਨੰਗਲੀ ਕਲਾਂ, ਪਰਮਜੀਤ ਸਿੰਘ ਪੰਮਾ, ਪ੍ਰਿੰਸਦੀਪ ਸਿੰਘ ਆਸਟਰੇਲੀਆ, ਸਾਬਕਾ ਸਰਪੰਚ ਕਰਨੈਲ ਸਿੰਘ ਰਸੂਲਪੁਰ, ਸਾਬਕਾ ਸਰਪੰਚ ਧਰਮ ਸਿੰਘ ਰਸੂਲਪੁਰ, ਮੇਜਰ ਸਿੰਘ, ਰਾਜਪਾਲ ਸਿੰਘ, ਡਾ. ਬਿੱਟੂ, ਗੁਰਮੇਜ ਸਿੰਘ, ਅਮਰਜੀਤ ਸਿੰਘ ਮੈਂਬਰ, ਕੇਵਲ ਸਿੰਘ ਮੈਂਬਰ, ਯਾਦਵਿੰਦਰ ਸਿੰਘ, ਸੁੱਚਾ ਸਿੰਘ, ਰਸ਼ਪਾਲ ਸਿੰਘ ਰੋਈ, ਹਰਵਿੰਦਰ ਸਿੰਘ ਵਿੰਦਾ, ਪਰਗਟ ਸਿੰਘ, ਜੁਗਰਾਜ ਸਿੰਘ, ਪ੍ਰੇਮ ਸਿੰਘ ਆਦਿ ਹਾਜ਼ਿਰ ਸਨ।

### ਸੰਤ ਗਿਆਨੀ ਕਰਤਾਰ ਸਿੰਘ ਖਾਲਸਾ

# ਸਕੂਲ ਦਾ ਨਤੀਜਾ ਰਿਹਾ 100 ਫੀਸਦੀ







ਫ਼ਿਰੋਜ਼ਪੁਰ, 10 ਅਪ੍ਰੈਲ (ਮਨੋਹਰ ਲਾਲ):— ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਸਕੂਲ ਦੇ ਵਿਦਿਆਰਥੀਆਂ ਦੇ ਅੱਠਵੀਂ ਕਲਾਸ ਦਾ ਨਤੀਜਾ 100 ਪ੍ਰਤੀਸ਼ਤ ਰਿਹਾ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਅੱਠਵੀਂ ਕਲਾਸ ਦੇ ਆਏ ਨਤੀਜਿਆਂ ਵਿਚ ਗੁਰਸ਼ਾਨਪ੍ਰੀਤ ਸਿੰਘ 97 ਫੀਸਦੀ ਅੰਕਾਂ ਨਾਲ ਪਹਿਲਾਂ ਸਥਾਨ ਹਾਸਲ ਕੀਤਾ, ਜਦੋਂ ਕਿ ਸਿਮਰਨਪ੍ਰੀਤ ਕੌਰ 95 ਫੀਸਦੀ ਨਾਲ ਦੂਜੇ ਸਥਾਨ, ਸੁਖਮਨਪ੍ਰੀਤ ਕੌਰ 94.5 ਫੀਸਦੀ, ਗੁਰਨੀਤ ਕੌਰ 93.83 ਫੀਸਦੀ, ਅਰਮਾਨਦੀਪ ਸਿੰਘ 92.66 ਫੀਸਦੀ ਪ੍ਰਾਪਤ ਕਰਕੇ ਪੁਜੀਸ਼ਨਾਂ ਹਾਸਿਲ ਕੀਤੀਆਂ। ਉਨ੍ਹਾਂ ਦੱਸਿਆ ਕਿ ਦੋ ਵਿਦਿਆਰਥੀਆਂ ਨੇ ਗਣਿਤ ਅਤੇ ਪੰਜਾਬੀ ਵਿੱਚੋਂ 100 ਫੀਸਦੀ ਨੰਬਰ ਪ੍ਰਾਪਤ ਕਰਕੇ ਆਪਣੇ ਮਾਤਾ ਪਿਤਾ ਦਾ ਅਤੇ ਫਿਰੋਜ਼ਪੁਰ ਜ਼ਿਲ੍ਹੇ ਦਾ ਨਾਮ ਰੋਸ਼ਨ ਕੀਤਾ ਹੈ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਅਤੇ ਭਾਈ ਵੀਰਪਾਲ ਸਿੰਘ ਨੇ ਬੱਚਿਆਂ ਨੂੰ ਅਤੇ ਬੱਚਿਆਂ ਦੇ ਮਾਤਾ ਪਿਤਾ ਨੂੰ ਵਧਾਈਆਂ ਦਿੱਤੀਆਂ ਅਤੇ ਕਿਹਾ ਕਿ ਇਹ ਵਿਦਿਆਰਥੀ ਆਉਣ ਵਾਲੇ ਸਮੇਂ ਵਿੱਚ ਆਪਣੇ ਜਿਲ੍ਹੇ ਦਾ ਆਪਣੇ ਪਿੰਡ ਦਾ ਅਤੇ ਆਪਣੇ ਸਕੂਲ ਦਾ ਨਾਮ ਰੋਸ਼ਨ ਕਰਨਗੇ। ਉਨ੍ਹਾਂ ਕਿਹਾ ਕਿ ਸਾਨੂੰ ਇਨ੍ਹਾਂ ਤੋਂ ਉਮੀਦ ਹੈ ਕਿ ਇਸੇ ਤਰ੍ਹਾਂ ਮਿਹਨਤ ਕਰਕੇ ਆਉਣ ਵਾਲੀਆਂ ਜਮਾਤਾਂ ਵਿੱਚੋਂ ਵੀ ਚੰਗੇ ਨੰਬਰ ਪ੍ਰਾਪਤ ਕਰਕੇ ਪੁਜੀਸ਼ਨਾਂ ਹਾਸਿਲ ਕਰਨਗੇ। ਪੁਜੀਸ਼ਨਾਂ ਹਾਸਲ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਸਾਰੇ ਅਧਿਆਪਕਾਂ ਵੱਲੋਂ ਵਿਸ਼ੇਸ਼ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਵਿਦਿਆਰਥੀਆਂ ਵਿਚ ਖੁਸ਼ੀ ਦਾ ਮਾਹੌਲ ਛਾਇਆ ਸੀ। ਇਸ ਮੌਕੇ ਬਲਰਾਜ ਸਿੰਘ, ਗੁਰਵਿੰਦਰ ਸਿੰਘ, ਰਵਿੰਦਰ ਸਿੰਘ, ਮੈਡਮ ਰਜਨੀ ਬਾਲਾ, ਮੈਡਮ ਸਿਮਰਨ ਕੌਰ ਅਤੇ ਸਕੂਲ ਦਾ ਸਮੁੱਚਾ ਸਟਾਫ ਅਤੇ ਵਿਦਿਆਰਥੀਆਂ ਦੇ ਮਾਤਾ ਪਿਤਾ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਖਾਲਸਾ ਸਾਜਨਾ ਦਿਵਸ ਵਾਲੇ ਦਿਨ ਹੋਣ ਜਾ ਰਹੀ

# ਪੰਥਕ ਕਾਨਫਰੰਸ ਵਿੱਚ ਵੱਡਾ ਇਕੱਠ ਹੋਵੇਗਾ : ਬਾਬਾ ਬਿਬੇਕ ਸਿੰਘ



**ਜੰਡਿਆਲਾ ਗੁਰੂ, 10 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਅੱਜ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਤੇ ਭਾਈ ਅਮਨਦੀਪ ਸਿੰਘ ਡੱਡੂਆਣਾ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਹੋਇਆਂ ਦੱਸਿਆ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਖ਼ਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੇ ਪਵਿੱਤਰ ਸ਼ੁਭ ਦਿਹਾੜੇ ਨੂੰ ਸਮਰਪਿਤ 13 ਅਪ੍ਰੈਲ 2025 ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਪੰਥਕ ਕਾਨਫਰੰਸ ਕੀਤੀ ਜਾ ਰਹੀ ਹੈ ਅਤੇ ਇਸ ਪੰਥਕ ਕਾਨਫਰੰਸ ਨੂੰ ਇਤਿਹਾਸਕ ਤੇ ਕਾਮਯਾਬ ਬਣਾਉਣ ਲਈ ਤਿਆਰੀਆਂ ਪੂਰੇ ਜੋਰ-ਸ਼ੋਰ ਨਾਲ ਸ਼ੁਰੂ ਹੋ ਚੁੱਕੀਆਂ ਹਨ। ਇਸ ਮਹਾਨ ਉਦੇਸ਼ ਦੀ ਪੂਰਤੀ ਲਈ, ਅੱਜ ਅੰਮ੍ਰਿਤਸਰ ਸ਼ਹਿਰ ਵਿੱਚ ਇੱਕ ਵਿਸ਼ੇਸ਼ ਸ਼ਹਿਰੀ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਵਿੱਚ ਜਿਲਾ ਅਬਜ਼ਰਵਰ ਭਾਈ ਅਮਨਦੀਪ ਸਿੰਘ ਡੱਡੂਆਣਾਂ, ਕਾਰਜਕਾਰੀ ਮੈਂਬਰ ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਦਯਾ ਸਿੰਘ ਜੀ, ਭਾਈ ਸਵਰਨ ਸਿੰਘ ਜੀ ਗੋਲਡਨ, ਭਾਈ ਬਲਜੀਤ ਸਿੰਘ ਜੀ ਚਾਟੀਵਿੰਡ ਤੇ ਉਹਨਾਂ ਦੇ ਸਾਥੀ, ਭਾਈ ਸੋਨਾ ਸਿੰਘ ਜੀ ਸ਼ਹੂਰਾ, ਭਾਈ ਸੁਖਬੀਰ ਸਿੰਘ ਜੀ ਚੀਮਾਂ, ਭਾਈ ਰਘੁਬੀਰ ਸਿੰਘ ਜੀ ਭੁੱਚਰ, ਭਾਈ ਅਜੈ ਸਿੰਘ ਜੀ, ਭਾਈ ਹਰਿੰਦਰਪਾਲ ਸਿੰਘ ਜੀ ਬਾਗੀ, ਭਾਈ ਕੁਲਵਿੰਦਰ ਸਿੰਘ ਜੀ ਗੁਰੂ ਕੀ ਵਡਾਲੀ, ਡਾਕਟਰ ਅਤੁੱਲ ਜੀ, ਅਮਨਪ੍ਰੀਤ ਸਿੰਘ, ਸੁਖਪ੍ਰੀਤ ਸਿੰਘ ਹਜਰਾਂ, ਜਸਪਾਲ ਸਿੰਘ ਸਾਹਬੀ, ਬਾਬਾ ਕੰਵਲਜੀਤ ਸਿੰਘ, ਜਗੀਰ ਸਿੰਘ, ਲਖਵਿੰਦਰ ਸਿੰਘ, ਭਾਈ ਪਰਮਜੀਤ ਸਿੰਘ, ਦਲੀਪ ਸਿੰਘ ਚਾਟੀਵਿੰਡ, ਮੇਜਰ ਸਿੰਘ ਚਾਟੀਵਿੰਡ, ਕਰਨੈਲ ਸਿੰਘ ਚਾਟੀਵਿੰਡ, ਡਾਕਟਰ ਦਲਬੀਰ ਸਿੰਘ ਅਤੇ ਹੋਰ ਵਰਕਰ ਸਾਹਿਬਾਨ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਆਪਣੀ ਭਾਗੀਦਾਰੀ ਅਤੇ ਇੱਕਮੁੱਠਤਾ ਦਾ ਸਬੂਤ ਦਿੱਤਾ। ਇਸ ਮੀਟਿੰਗ ਦੌਰਾਨ ਆਗੂਆਂ ਨੇ ਇਸ ਗੱਲ 'ਤੇ ਵਿਸ਼ੇਸ਼ ਜ਼ੋਰ ਦਿੱਤਾ ਕਿ 13 ਅਪ੍ਰੈਲ ਦੀ ਇਹ ਪੰਥਕ ਕਾਨਫਰੰਸ ਸਿਰਫ਼ ਇੱਕ ਸਮਾਗਮ ਨਹੀਂ, ਸਗੋਂ ਖ਼ਾਲਸਾ ਪੰਥ ਦੀ ਅਟੁੱਟ ਏਕਤਾ ਅਤੇ ਸ਼ਕਤੀ ਦਾ ਪ੍ਰਤੀਕ ਬਣੇਗੀ। ਇਸ ਦੇ ਨਾਲ ਹੀ ਮੀਟਿੰਗ ਵਿੱਚ ਹਾਜਰ ਆਏ ਮੈਂਬਰਾਂ ਨੇ ਭਾਈ ਅੰਮ੍ਰਿਤਪਾਲ ਸਿੰਘ ਸਮੇਤ ਸਮੂਹ ਨਿਰਦੋਸ਼ ਸਿੱਖ ਕੈਦੀਆਂ ਦੀ ਰਿਹਾਈ ਸਬੰਧੀ ਵਿਚਾਰਾਂ ਕੀਤੀਆ। ਮੀਟਿੰਗ ਵਿੱਚ ਸ਼ਾਮਲ ਆਗੂਆਂ ਅਤੇ ਵਰਕਰਾਂ ਨੇ ਇੱਕ ਸੁਰ ਵਿੱਚ ਅਪੀਲ ਕੀਤੀ ਕਿ ਸਰਬੱਤ ਪੰਥਕ ਪਿਆਰੇ 13 ਅਪ੍ਰੈਲ 2025 ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਇਸ ਇਤਿਹਾਸਕ ਮੌਕੇ ਨੂੰ ਖ਼ਾਲਸਾ ਪੰਥ ਦੇ ਸਰਬ-ਸੰਮਤ ਇਕੱਠ ਵਜੋਂ ਦਰਜ ਕਰਵਾਉਣ। ਇਹ ਸਮਾਗਮ ਸਿੱਖ ਕੌਮ ਦੀ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਮਿਸਾਲ ਬਣੇਗਾ ਅਤੇ ਪੰਥਕ ਇਤਿਹਾਸ ਵਿੱਚ ਸੁਨਹਿਰੀ ਅੱਖਰਾਂ ਨਾਲ ਲਿਖਿਆ ਜਾਵੇਗਾ। ਅਕਾਲੀ ਦਲ ਵਾਰਿਸ ਪੰਜਾਬ ਦੇ ਨੁਮਾਇੰਦਿਆਂ ਨੇ ਆਪਣੇਂ ਵਿਚਾਰ ਰੱਖਦਿਆਂ ਇਹ ਵੀ ਕਿਹਾ ਕਿ ਇਹ ਕਾਨਫਰੰਸ ਸਿੱਖ ਸੰਘਰਸ਼ ਦੀ ਨਵੀਂ ਲਹਿਰ ਦੀ ਸੂਤਰਧਾਰ ਬਣੇਗੀ, ਜਿਸ ਵਿੱਚ ਖ਼ਾਲਸਾ ਪੰਥ ਦੀ ਏਕਤਾ ਅਤੇ ਸ਼ਕਤੀ ਨੂੰ ਨਵਾਂ ਰੰਗ ਅਤੇ ਨਵੀਂ ਦਿਸ਼ਾ ਮਿਲੇਗੀ। ਅੰਤ ਵਿੱਚ, ਸਮੂਹ ਮੈਂਬਰਾਂ ਨੇ ਇੱਕ ਸਾਂਝੇ ਸੰਕਲਪ ਨਾਲ ਇਹ ਪ੍ਰਣ ਲਿਆ ਕਿ 13 ਅਪ੍ਰੈਲ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਣ ਵਾਲਾ ਇਹ ਇਕੱਠ ਸਿਰਫ਼ ਇੱਕ ਸਮਾਗਮ ਨਹੀਂ ਹੋਵੇਗਾ, ਸਗੋਂ ਖ਼ਾਲਸਾ ਪੰਥ ਦੇ ਗੌਰਵਮਈ ਇਤਿਹਾਸ ਨੂੰ ਨਵੇਂ ਸਿਰੇ ਤੋਂ ਜਗਾਉਣ ਅਤੇ ਭਵਿੱਖ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਇੱਕ ਮਜ਼ਬੂਤ ਆਧਾਰ ਬਣੇਗਾ। ਉਹਨਾਂ ਕਿਹਾ ਕਿ ਆਓ, ਇਸ 13 ਅਪ੍ਰੈਲ ਨੂੰ ਅਸੀਂ ਸਾਰੇ ਮਿਲ ਕੇ ਇੱਕ ਨਵੀਂ ਤੇ ਸ਼ਕਤੀਸ਼ਾਲੀ ਲਹਿਰ ਖੜ੍ਹੀ ਕਰੀਏ।

**ਪੰਜਾਬ ਵਾਸੀ ਮਿਲ ਕੇ ਇੱਕ ਨਵੀਂ ਤੇ ਸ਼ਕਤੀਸ਼ਾਲੀ ਲਹਿਰ ਖੜ੍ਹੀ ਕਰਨਗੇ - ਅਮਨਦੀਪ ਸਿੰਘ ਡੱਡੂਆਣਾਂ**

# ਅੰਮ੍ਰਿਤ ਸੰਚਾਰ ਗੁਰਦੁਆਰਾ ਕੰਧ ਸਾਹਿਬ ਬਟਾਲਾ 12 ਅਪ੍ਰੈਲ ਨੂੰ : ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ



**ਬਾਬਾ ਸੁਖਵੰਤ ਸਿੰਘ ਚੰਨਣਕੇ, ਚੌਕ ਮਹਿਤਾ 10 ਅਪ੍ਰੈਲ** -ਖਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵੈਸਾਖੀ ਦੇ ਦਿਹਾੜੇ ਨੂੰ ਸਮਰਪਿਤ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ, ਪੰਜ ਪਿਆਰੇ ਸਾਹਿਬਾਨ ਦੀ ਅਗਵਾਈ ਹੇਠ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਸੰਗਤਾਂ ਦੇ ਸਹਿਯੋਗ ਅਤੇ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਬਰ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਉਧਮ ਸਦਕਾ ਅੰਮ੍ਰਿਤ ਸੰਚਾਰ ਗੁਰਦੁਆਰਾ ਕੰਧ ਸਾਹਿਬ ਬਟਾਲਾ ਵਿੱਖੇ ਅੰਮ੍ਰਿਤ ਸੰਚਾਰ 12 ਅਪ੍ਰੈਲ 2025 ਦਿਨ ਸ਼ਨੀਵਾਰ ਨੂੰ ਸਵੇਰੇ 11 ਵਜੇ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਤੇ ਅੰਮ੍ਰਿਤ ਅਭਿਆਖੀਆ ਨੂੰ ਪੰਜ ਕਕਾਰ ਮੁਫ਼ਤ ਦਿੱਤੇ ਜਾਣਗੇ, ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਵੱਲੋਂ ਸਮੂਹ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਕੀਤੀ ਜਾਂਦੀ ਹੈ ਕਿ ਕੇਸੀ ਇਸਨਾਨ ਕਰਕੇ ਸਮੇ ਸਿਰ ਪਾਉਚਣ ਦੀ ਕਿਰਪਾਲਤਾ ਕਰਨੀ ਹੈਂ। ਗੁਰੂ ਜੀ ਦੇ ਲੰਗਰ ਅਟੁੱਟ ਵਰਤਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤਰਵੈਨੀ ਚੌਂਕ ਫ਼ਿਰੋਜ਼ਪੁਰ ਛਾਉਣੀ ਦੀ ਕਾਰ ਸੇਵਾ ਜੰਗੀ ਪੱਧਰ ਤੇ ਸ਼ੁਰੂ



**ਫ਼ਿਰੋਜ਼ਪੁਰ, 10 ਅਪ੍ਰੈਲ (ਮਨੋਹਰ ਲਾਲ) :**— ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤਰਵੈਨੀ ਚੌਂਕ ਫ਼ਿਰੋਜ਼ਪੁਰ ਛਾਉਣੀ ਦੀ ਕਾਰ ਸੇਵਾ ਪ੍ਰਧਾਨ ਸ: ਜ਼ੋਰਾ ਸਿੰਘ ਸੰਧੂ ਨੇ ਕਰਵਾਈ ਸ਼ੁਰੂ। ਇਹ ਜਾਣਕਾਰੀ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤਰਵੈਨੀ ਚੌਂਕ ਫ਼ਿਰੋਜ਼ਪੁਰ ਛਾਉਣੀ ਦੇ ਪ੍ਰਧਾਨ ਸ: ਜ਼ੋਰਾ ਸਿੰਘ ਸੰਧੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤਰਵੈਨੀ ਚੌਂਕ ਫ਼ਿਰੋਜ਼ਪੁਰ ਛਾਉਣੀ ਦੇ ਗੁਰਦੁਆਰਾ ਸਾਹਿਬ ਜਿਸ ਦੀ ਸਾਰੀ ਇਮਾਰਤ ਜਿਵੇਂ ਕਿ ਦਰਬਾਰ ਸਾਹਿਬ ਦੀ ਇਮਾਰਤ ਸੜਕ ਵੱਲ ਰਸਤਾ ਕੱਢਿਆ ਅਤੇ ਲੰਗਰ ਹਾਲ ਦੀ ਕੰਧ ਤੋਂ ਇਲਾਵਾ ਸਾਰੇ ਗੁਰਦੁਆਰਾ ਸਾਹਿਬ ਦੀ ਕਾਰ ਸੇਵਾ ਸ਼ੁਰੂ ਹੈ, ਜਿਸ ਵਿਚ ਸਾਰਾ ਹੀ ਗੁਰਦੁਆਰਾ ਸਾਹਿਬ ਨਵਾਂ ਬਣਾਉਣ ਦਾ ਸੰਗਤ ਚਾਹੁੰਦੀਆਂ ਹਨ, ਇਥੇ ਇਹ ਦਸ ਦਈਏ ਕਿ ਇਹ ਗੁਰਦੁਆਰਾ ਸਾਹਿਬ ਜੀ ਪਹਿਲਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਅਧੀਨ ਸੀ ਅਤੇ ਇਥੇ ਇਕ ਬੀਬੀ ਜ਼ੋ ਕਿ ਈਸਾਈ ਧਰਮ ਨਾਲ ਸਬੰਧ ਰੱਖਦੀ ਸੀ ਅਤੇ 10—12 ਸਾਲ ਉਸ ਨਾਲ ਝਗੜਾ ਚਲਦਾ ਰਿਹਾ, ਅਖੀਰ ਸਾਰੀਆਂ ਪੰਥਕ ਜਥੇਬੰਦੀਆਂ ਨੇ ਰਲ ਕੇ ਬੀਬੀ ਕੋਲੋਂ ਗੁਰਦੁਆਰਾ ਸਾਹਿਬ ਆਜ਼ਾਦ ਕਰਵਾਇਆ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਲਿਖ ਕੇ ਦੇ ਦਿੱਤਾ ਕਿ ਅਸੀਂ ਗੁਰਦੁਆਰਾ ਸਾਹਿਬ ਸੰਗਤ ਦੇ ਹਵਾਲੇ ਕਰਦੇ ਹਾਂ ਅਤੇ ਪਾਸੇ ਹਟ ਗਏ ਅਤੇ ਹੁਣ ਨਵੀਂ ਗੁਰਦੁਆਰਾ ਪ੍ਰਬੰਧਕ ਕਮੇਟੀ ਬਣੀ ਹੈ, ਜ਼ੋ ਕਿ ਗੁਰਦੁਆਰਾ ਸਾਹਿਬ ਲਈ ਤਨੋ, ਮਨੋ, ਧਨੋ ਸੇਵਾ ਕਰਦੀ ਹੈ ਅਤੇ ਹੁਣ ਗੁਰਦੁਆਰਾ ਪ੍ਰਬੰਧਕ ਕਮੇਟੀ ਕੋਲ ਕੋਈ ਪੈਸਾ ਨਹੀਂ ਹੈ ਅਤੇ ਸੰਗਤ ਵੀ ਹੋਲੀ—ਹੋਲੀ ਗੁਰਦੁਆਰਾ ਸਾਹਿਬ ਵਿਚ ਵੱਧ ਰਹੀ ਹੈ, ਸੰਗਤ ਦਾ ਕਹਿਣਾ ਹੈ ਕਿ ਪਹਿਲਾਂ ਜ਼ੋ ਕੁਝ ਹੋ ਗਿਆ ਠੀਕ ਹੈ, ਗੁਰੂ ਸਾਹਿਬ ਨੇ ਹੁਣ ਕਿਰਪਾ ਕੀਤੀ ਹੈ, ਜ਼ੋ ਅਸੀਂ ਦੁਬਾਰਾ ਤੋਂ ਹੀ ਗੁਰੂ ਸਾਹਿਬ ਅਤੇ ਗੁਰਦੁਆਰਾ ਸਾਨੂੰ ਦੁਬਾਰਾ ਮਿਲ ਗਿਆ ਅਤੇ ਉਹ ਈਸਾਈ ਬੀਬੀ ਨੂੰ ਕੁਝ ਪੈਸੇ ਅਤੇ ਗੁਰਦੁਆਰਾ ਸਾਹਿਬ ਜੀ ਦੀ ਥਾਂ ਦੇ ਕੇ ਉਸ ਨੂੰ ਇਕ ਪਾਸੇ ਕਰ ਦਿੱਤਾ। ਪ੍ਰਧਾਨ ਸ: ਜ਼ੋਰਾ ਸਿੰਘ ਸੰਧੂ ਨੇ ਸਮੂਹ ਨਾਮ ਲੇਵਾ ਸੰਗਤਾਂ ਦੇ ਚਰਨਾਂ ਵਿਚ ਬੇਨਤੀ ਕਰਦਿਆਂ ਕਿਹਾ ਕਿ ਉਹ ਤਨ, ਮਨ, ਧੰਨ ਨਾਲ ਸੇਵਾ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ। ਉਨ੍ਹਾਂ ਕਿਹਾ ਕਿ ਜਿਸ ਵੀ ਸੰਗਤ ਨੇ ਸੇਵਾ ਕਰਨੀ ਹੈ, ਉਹ ਸਾਡੇ ਨੰਬਰ ਤੇ ਸੰਪਰਕ ਕਰ ਸਕਦਾ ਹੈ, ਜ਼ੋ ਨੰਬਰ 9501000003 ਹੈ, ਕਿਉਂਕਿ ਤੁਹਾਡੇ ਇਕ—ਇਕ ਪੈਸੇ ਨਾਲ ਗੁਰੂ ਘਰ ਦੀ ਇਮਾਰਤ ਦੀ ਉਸਾਰੀ ਹੋ ਸਕਦੀ ਹੈ ਅਤੇ ਗੁਰੂ ਸਾਹਿਬ ਆਪ ਖੁਦ ਕਿਰਪਾ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

## ਆਓ ਭਾਰਤ ਦੀ ਆਨ, ਮਾਨ, ਸ਼ਾਨ ਖੋਹੀ ਹੋਈ ਨੂੰ ਫਿਰ ਬਹਾਲ ਸਲਾਮਤ ਉਜਾਗਰ ਕਰਨ ਦਾ ਪ੍ਰਣ ਲਈਏ—ਪੀ.ਸੀ ਕੁਮਾਰ

ਫ਼ਿਰੋਜ਼ਪੁਰ, 10 ਅਪ੍ਰੈਲ (ਮਨੋਹਰ ਲਾਲ) :— ਅੱਜ ਸੁਭਾ ਦੀ ਪ੍ਰਾਰਥਣਾ ਸਭਾ ਜ਼ੋ ਰੋਜਾਨਾ ਪਿਛਲੇ ਪੰਜਾਹ ਸਾਲਾਂ ਨੌਕਰੀ ਤੇ ਨੌਕਰੀ ਤੋਂ ਫਾਰਗ ਹੋਣ ਮਗਰੋਂ ਚਲਾਈ ਜਾ ਰਹੀ ਮੀਟਿੰਗ ਜਿਸ ਵਿਚ ਇਕੋ—ਇਕ ਮੁੱਦਾ ਖੁਦ ਸੁਧਰੋ, ਘਰ ਪਰਿਵਾਰ, ਸਮਾਜ, ਦੇਸ਼ ਦੁਨਿਆਂ ਖੁਦ—ਬ—ਖੁਦ ਸੁਧ, ਪਰਿਵਾਰ, ਸਕੂਲ, ਸਮਾਜ, ਦੇਸ਼ ਦੁਨੀਆਂ ਵਿਚ ਇਹ ਜ਼ੋ ਸਰੀਰਕ, ਮਾਨਸਿਕ, ਸਮਾਜਿਕ ਕੁਰੀਤੀਆਂ, ਬਿਮਾਰੀਆਂ ਜਿਸ ਨਾਲ ਅੱਜ ਹਰ ਦਾਇਰਾ ਚਾਹੇ ਉਹ ਸਰਕਾਰੀ, ਅਰਧ ਸਰਕਾਰੀ, ਪ੍ਰਾਈਵੇਟ ਆਦਿ ਹੈ, ਅੱਜ ਹਰ ਤਰ੍ਹਾਂ ਦੀ ਬੁਰਾਈ ਦਾ ਅੱਡਾ ਬਨ ਹਰ ਖੇਤਰ ਵਿਚ ਝਗੜੇ ਅਰਾਜਕਤਾ, ਨਸ਼ਿਆਂ ਦਾ ਵਿਉਪਾਰ, ਗੜਬੜ ਇਕ ਮੁਸੀਬਤਾਂ ਦਾ ਜਨਮ ਦਾਤਾ ਜਿਸ ਦਾ ਕਿਸੇ ਪਾਰਟੀ, ਸਰਕਾਰ ਕੋਲ ਹੱਲ ਨਹੀਂ ਇਕੋ—ਇਕ ਹੱਲ ਔਰੋ ਕੇ ਨਸੀਅਤ ਆਪ ਮੀਆ ਫਸੀਅਤ ਨੂੰ ਛੱਡ ਖੁਦ ਬਚੋ, ਖੁਦ ਸੁਧਰੋ, ਖੁਦ ਇਕ ਚੰਗੇ ਇਨਸਾਨ ਬਨੋ, ਆਪ ਫਸੋ ਨਹੀਂ ਤੇ ਦੂਜਿਆਂ ਨੂੰ ਬਚਾਓ ਫਿਰ ਉਹ ਖੋਹੀ ਹੋਈ ਆਨ, ਬਾਨ, ਸ਼ਾਨ, ਘਰ, ਸਕੂਲ, ਸਮਾਜ, ਦੇਸ਼ ਦੁਨੀਆਂ ਨੂੰ ਚੰਗੇ ਬਨਾਓ, ਜ਼ੋ ਇਹ ਵਿਚਾਰ ਪੱਤਰਕਾਰਾਂ ਨਾਲ ਸਾਂਝੇ ਕਰਦੇ ਹੋਏ ਪੀ.ਸੀ ਕੁਮਾਰ ਨੇ ਸਾਂਝੇ ਕੀਤੇ।



ਆਵਾਜ਼ਿ ਕੌਮ AWAZE QAUM International Newspaper & WEB TV



ਖਾਲਸੇ ਦੇ ਸਾਜਨਾ ਦਿਵਸ 'ਵਿਸਾਖੀ' ਦੀਆਂ ਲੱਖ-ਲੱਖ ਵਧਾਈਆਂ
ਮਹਾਨ
ਗੁਰਮਤਿ ਸਮਾਗਮ
ਮਿਤੀ 13 ਅਪ੍ਰੈਲ 2025, ਐਤਵਾਰ
ਸਵੇਰੇ 10.00 ਤੋਂ ਦੁਪਹਿਰ 2.00 ਵਜੇ ਤੱਕ
ਗੁਰਦੁਆਰਾ ਸ਼੍ਰੀ ਅਕਾਲ ਜੋਤ ਬੁੰਗਾ
ਬ੍ਰਾਂਚ ਦਮਦਮੀ ਟਕਸਾਲ, ਜੱਥਾ ਭਿੰਡਰਾਂ (ਮਹਿਤਾ) ਚਹੇੜੂ ਵਿਖੇ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ
ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ
ਮੁਖੀ ਦਮਦਮੀ ਟਕਸਾਲ (ਪ੍ਰਧਾਨ ਸੰਤ ਸਮਾਜ),
ਆਵਾਜ਼ਿ ਕੌਮ AWAZE QAUM International Newspaper & WEB TV
ਭਾਈ ਗੁਰਲਾਲ ਸਿੰਘ ਜੀ
ਦਮਦਮੀ ਟਕਸਾਲ ਵਾਲੇ
ਭਾਈ ਮੋਹਿਤ ਸਿੰਘ ਜੀ
ਸੰਤ ਬਾਬਾ ਜੋਰਾਵਰ ਸਿੰਘ ਜੀ
ਹੌਤੀ ਮਰਦਾਨ ਨਿਜ਼ਾਮਪੁਰ
ਕੀਰਤਨੀ ਜੱਥੇ, ਕਵੀਸ਼ਰੀ ਜੱਥੇ ਅਤੇ ਪ੍ਰਚਾਰਕ ਕਥਾ-ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ।
Amrit
ਗੁਰੂ ਪੰਥ ਦੇ ਦਾਸ :
ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ (ਪ੍ਰਧਾਨ ਸੰਤ ਸਮਾਜ)
ਗੁਰਮਤਿ ਵਿਦਿਆਲਾ, ਗੁਰਦੁਆਰਾ ਸ੍ਰੀ ਅਕਾਲ ਜੋਤ ਬੁੰਗਾ
ਅਤੇ ਸਮੂਹ ਸਾਧ ਸੰਗਤ ਪਿੰਡ ਚਹੇੜੂ
ਜਥੇਦਾਰ ਸੁਖਦੇਵ ਸਿੰਘ
(ਮੁੱਖ ਬੁਲਾਰਾ ਦਮਦਮੀ ਟਕਸਾਲ)
ਸੰਪਰਕ : 99158-00904, 98551-17300

ਬੀਬੀ ਸੁਰਿੰਦਰ ਕੌਰ ਸੋਖੀ ਦੇ ਅਕਾਲ ਚਲਾਣੇ ਉਪਰੰਤ

# ਪਰਿਵਾਰ ਨਾਲ ਦੁੱਖ ਸਾਂਝਾ ਕਰਨ ਪਹੁੰਚੇ ਸ਼੍ਰੋਮਣੀ ਕਮੇਟੀ ਪ੍ਰਧਾਨ





**ਅੰਮ੍ਰਿਤਸਰ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਬੀਬੀ ਸੁਰਿੰਦਰ ਕੌਰ ਸੋਖੀ ਜੋ ਕਿ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ ਉਨ੍ਹਾਂ ਦੇ ਪਰਿਵਾਰ ਦੇ ਨਾਲ ਦੁੱਖ ਸਾਂਝਾ ਕਰਨ ਲਈ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਉਚੇਚੇ ਤੌਰ 'ਤੇ ਪੁੱਜੇ। ਉਨ੍ਹਾਂ ਨੇ ਪਰਿਵਾਰਿਕ ਮੈਂਬਰਾਂ ਸ. ਲਖਬੀਰ ਸਿੰਘ ਸੋਖੀ, ਸ. ਜਗਬੀਰ ਸਿੰਘ ਸੋਖੀ ਹਲਕਾ ਇੰਚਾਰਜ ਆਤਮ ਨਗਰ ਅਤੇ ਬੀਬੀ ਸੁਖਵਿੰਦਰ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਸ. ਹਰਸ਼ਵੀਰ ਸਿੰਘ ਸੋਖੀ, ਸ. ਗਗਨਬੀਰ ਸਿੰਘ ਸੋਖੀ, ਸ. ਸੁਖਬੀਰ ਸਿੰਘ ਸੋਖੀ ਦੇ ਨਾਲ ਦੁਖ ਸਾਂਝਾ ਕੀਤਾ ਅਤੇ ਅਕਾਲ ਪੁਰਖ ਦੇ ਚਰਨਾਂ 'ਚ ਅਰਦਾਸ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਸ੍ਰੀ ਦਰਬਾਰ ਸਾਹਿਬ ਆਲਮਗੀਰ ਤੋਂ ਮੁੱਖ ਗ੍ਰੰਥੀ ਗਿਆਨੀ ਬਲਵਿੰਦਰ ਸਿੰਘ, ਮੈਨੇਜਰ ਸ. ਹਰਦੀਪ ਸਿੰਘ, ਸ. ਰਣਜੀਤ ਸਿੰਘ ਰਾਣਾ ਕੌਂਸਲਰ, ਸ. ਇੰਦਰਜੀਤ ਸਿੰਘ ਲੋਟੇ, ਸ. ਕੁਲਵਿੰਦਰ ਸਿੰਘ ਸੋਖੀ, ਸ. ਸੁਖਵਿੰਦਰ ਸਿੰਘ, ਸ. ਗੁਰਦੇਵ ਸਿੰਘ ਨਾਗੀ, ਡਾ. ਕਮਲਜੀਤ ਸਿੰਘ ਨਾਨਕਸਰ, ਸ. ਲਵਪ੍ਰੀਤ ਸਿੰਘ ਆਦਿ ਵੀ ਮੌਜੂਦ ਸਨ।

ਗੌਰਮਿੰਟ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਰਜਿ:ਸਬ ਡਿਵੀਜ਼ਨ ਧੂਰੀ

# ਪੈਨਸ਼ਨਰਾਂ ਲਈ ਕਰ ਰਹੀ ਹੈ ਚੰਗਾ ਉਪਰਾਲਾ

**ਧੂਰੀ ( ਰਣਜੀਤ ਸਿੰਘ ਪੇਧਨੀ )**-ਗੌਰਮਿੰਟ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਰਜਿ:ਸਬ ਡਿਵੀਜ਼ਨ ਧੂਰੀ ਪੈਨਸ਼ਨਰਾਂ ਦੇ ਕੰਮਾਂ ਉੱਤੇ ਦੇ ਰਹੀ ਹੈ ਪੂਰਾ ਪਹਿਰਾ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਧੂਰੀ ਦੇ ਸਾਬਕਾ ਪ੍ਰਧਾਨਾਂ ਕੁਲਵੰਤ ਸਿੰਘ ਧੂਰੀ ,ਹਰਚਰਨ ਸਿੰਘ ਲਹਿਰੀ ,ਕਰਮ ਸਿੰਘ ਮਾਨ ,ਪ੍ਰੀਤਮ ਸਿੰਘ ਧੂਰਾ ਅਤੇ ਹਰਬੰਸ ਸਿੰਘ ਸੋਢੀ ਨੇ ਇੱਕ ਸਾਂਝੇ ਪ੍ਰੈਸ ਬਿਆਨ ਰਾਹੀਂ ਕੀਤਾ । ਉਹਨਾਂ ਕਿਹਾ ਕਿ ਪੈਨਸ਼ਨਰ ਆਪਣੇ ਕੰਮਾਂ ਲਈ ਬਿਨਾਂ ਝਿਜਕ ਦੇ ਸੰਸਥਾ ਦੇ ਦਫਤਰ ਆ ਕੇ ਆਪਣੇ ਕੰਮ ਕਰਵਾ ਸਕਦੇ ਹਨ੍ਹ ਉਹਨਾਂ ਸਮੂਹ ਪੈਨਸ਼ਨਰਾਂ ਨੂੰ ਅਪੀਲ ਕੀਤੀ ਕਿ ਉਹ ਗੌਰਮਿੰਟ ਪੈਨਸ਼ਨਰਜ ਵੈਲਫੇਅਰ ਅਸੋਸੀਏਸ਼ਨ ਰਜਿ ਸਬ ਡਿਵੀਜ਼ਨ ਧੂਰੀ ਜਿਸ ਦੇ ਪ੍ਰਧਾਨ ਸ੍ਰੀ ਜੈਦੇਵ ਸ਼ਰਮਾ ਅਤੇ ਜਨਰਲ ਸਕੱਤਰ ਸ੍ਰੀ ਜਸਵਿੰਦਰ ਸਿੰਘ ਮੂਲੋਵਾਲ ਨੂੰ ਪੂਰਾ ਸਹਿਯੋਗ ਦੇਣ।





# ਜ਼ਿਲ੍ਹਾ ਪ੍ਰੀਸ਼ਦ ਜੋਨ ਬੇਨੜਾ ਤੋਂ ਆਪ ਉਮੀਦਵਾਰਾਂ ਵੱਲੋਂ ਸਰਗਰਮੀਆਂ ਸ਼ੁਰੂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਨੂੰ ਤਿੰਨ ਸਾਲ ਤੋਂ ਉਪਰ ਦਾ ਸਮਾਂ ਹੋ ਚੁੱਕਿਆ ਹੈ। ਪੰਜਾਬ ਦੇ ਲੋਕਾਂ ਨੂੰ ਜੋ ਸਹੂਲਤਾਂ ਪੰਜਾਬ ਦੀ ਮਾਨ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਹਨ ਪੰਜਾਬ ਦੇ ਲੋਕਾਂ ਵਿੱਚ ਖੂੰਡ ਚਰਚਾ ਬਣੀ ਹੋਈ ਹੈ । ਪੰਜਾਬ ਵਿੱਚ ਤਿੰਨ ਜਿਮਨ ਚੋਣਾਂ ਜਿੱਤਣ ਤੋਂ ਬਾਅਦ ਪੰਚਾਇਤੀ ਚੋਣਾਂ ਵਿੱਚ ਹੋਈ ਜਿੱਤ ਕੇ ਆਪ ਵਰਕਰਾਂ ਦੇ ਹੌਸਲੇ ਬੁਲੰਦ ਹੋਏ ਹਨ ।ਹੁਣ ਪੰਜਾਬ ਵਿੱਚ ਜਿਲ੍ਹਾ ਪ੍ਰੀਸ਼ਦ, ਬਲਾਕ ਸੰਮਤੀ ਚੋਣਾਂ ਆ ਰਹੀਆਂ ਹਨ । ਜਿਨਾਂ ਵਿੱਚ ਕਾਂਗਰਸ ਪਾਰਟੀ, ਬਹੁਜਨ ਸਮਾਜ ਪਾਰਟੀ , ਸ੍ਰੋਮਣੀ ਅਕਾਲੀ ਦਲ, ਅਕਾਲੀ ਦਲ ਮਾਨ ਵੱਲੋਂ ਅਜੇ ਤੱਕ ਕੋਈ ਵੀ ਉਮੀਦਵਾਰ ਉਭਰ ਕੇ ਸਾਹਮਣੇ ਨਹੀਂ ਆ ਰਿਹਾ। ਪਰ ਆਪ ਵਰਕਰਾਂ ਵਿੱਚੋਂ ਚੋਣਾਂ ਲੜਨ ਦੇ ਚਾਹਵਾਨਾਂ ਵੱਲੋਂ ਅੰਦਰ ਖਾਤੇ ਆਪਣੀਆ ਸਰਗਰਮੀਆਂ ਤੇਜ਼ ਕੀਤੀਆਂ ਹੋਈਆਂ ਹਨ। ਇਸੇ ਹੀ ਤਰਾਂ ਬੇਨੜਾ ਜੋਨ ਤੋਂ ਚੋਣ ਲੜਨ ਵਾਲੇ ਉਮੀਦਵਾਰਾਂ ਵਿੱਚ ਆਪ ਆਗੂ ਗੁਰਤੇਜ ਸਿੰਘ ਤੇਜੀ ਕੱਕੜਵਾਲ, ਆਪ ਆਗੂ ਰਣਜੋਧ ਸਿੰਘ ਕਾਂਝਲਾ, ਆਪ ਆਗੂ ਨੰਬਰਦਾਰ ਰਜਿੰਦਰ ਸਿੰਘ ਪੇਧਨੀ ਦੇ ਨਾਮ ਉੱਭਰ ਕੇ ਸਾਹਮਣੇ ਆ ਰਹੇ ਹਨ। ਇਹ ਤਾ ਆਉਣ ਵਾਲਾ ਸਮਾਂ ਦੱਸੇਗਾ ਕਿ ਪਾਰਟੀ ਬੇਨੜਾ ਜੋਨ ਤੋਂ ਕਿਸ ਉਮੀਦਵਾਰ ਦੇ ਸਿਰ 'ਤੇ ਤਾਜ ਰੱਖੇਗੀ ਅਤੇ ਜਿੱਤ ਹਾਰ ਦਾ ਫੈਸਲਾ ਬੇਨੜਾ ਜੋਨ ਵਿੱਚ ਆਉਦੇ ਪਿੰਡਾਂ ਦੇ ਲੋਕਾਂ ਨੇ ਕਰਨਾ ਹੈ। ਜਿਕਰਯੋਗ ਹੈ ਕਿ ਆਮ ਤੌਰ 'ਤੇ ਜਿਲ੍ਹਾ ਪਰਿਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਵਿੱਚ ਨਤੀਜੇ ਸਰਕਾਰ ਦੇ ਪੱਖ ਵਿਚ ਹੀ ਆਉਂਦੇ ਹਨ। ਪਹਿਲਾ ਸਮਾਜ ਸੇਵੀ ਗੁਰਸੇਵਕ ਸਿੰਘ ਸੇਬੀ ਕਾਂਝਲਾ ਦੇ ਧਰਮਪਤਨੀ ਜਿਲ੍ਹਾ ਪਰਿਸ਼ਦ ਜੋਨ ਬੇਨੜਾ ਤੋਂ ਨੁਮਾਇੰਦਗੀ ਕਰ ਰਹੇ ਹਨ।

## ਜਨਮਦਿਨ ਦੀਆਂ ਮੁਬਾਰਕਾਂ



**ਸਿਮਰਨਜੀਤ ਕੌਰ ਪਤਨੀ ਪੱਤਰਕਾਰ ਰਣਜੀਤ ਸਿੰਘ ਪੇਧਨੀ ਨੂੰ ਜਨਮਦਿਨ ਦੀਆਂ ਵਧਾਈਆਂ**

# ਬਖਸੀਸ ਸਿੰਘ ਰੰਧਾਵਾ ਜਲਾਲ ਉਸਮਾ ਨਹੀ ਰਹੇ



**ਚੌਕ ਮਹਿਤਾ, 10 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪ੍ਰਧਾਨ ਕੰਵਲਜੀਤ ਸਿੰਘ ਜਲਾਲ ਉਸਮਾ ਦੇ ਵੱਡੇ ਭਰਾ ਸ, ਬਖਸੀਸ ਸਿੰਘ ਜਲਾਲ ਉਸਮਾ ਆਪਣੇ ਸੁਆਸਾ ਦੀ ਪੂੰਜੀ ਨੂੰ ਪੂਰਾ ਕਰਦੇ ਹੋਏ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਜਾ ਬਿਰਾਜੇ ਹਨ। ਉਨ੍ਹਾਂ ਦੇ ਪਰਿਵਾਰ ਨਾਲ ਦੁੱਖ ਸਾਂਝਾ ਲਈ ਇਲਾਕੇ ਦੇ ਮੋਹਤਬਰ ਵਿਆਕਤੀਆ ਨੇ ਦੁੱਖ ਸਾਂਝਾ ਕੀਤਾ ਉਨ੍ਹਾਂ ਦੇ ਨਮਿਤ ਰੱਖੇ ਗਏ ਪਵਿੱਤਰ ਪਾਵਨ ਸ੍ਰੀ ਆਖੰਡ ਪਾਠ ਸਾਹਿਬ ਜੀ ਗੁਰਬਾਣੀ ਦੇ ਭੋਗ 12 ਅਪ੍ਰੈਲ 2025 ਦਿਨ ਸ਼ਨੀਵਾਰ ਨੂੰ ਉਨ੍ਹਾਂ ਦੇ ਜੱਦੀ ਪਿੰਡ ਜਲਾਲ ਉਸਮਾ ਵਿੱਖੇ 12 ਤੋਂ 1 ਵਜੇ ਪੈਣਗੇ।

# ਵਿਸਾਖੀ ਦਾ ਸ਼ੁਭ ਦਿਹਾੜਾ ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਵੱਲੋਂ ਵਿਸ਼ੇਸ਼ ਦਿਵਸ ਵਜੋਂ ਮਨਾਇਆ ਜਾਵੇਗਾ—ਜਾਗੋਵਾਲੀਆ

**ਫ਼ਿਰੋਜ਼ਪੁਰ, 10 ਅਪ੍ਰੈਲ (ਮਨੋਹਰ ਲਾਲ)** :— ਸਮਾਜ ਸੇਵੀ ਕਾਰਜ ਕਰਨ ਅਤੇ ਮਨੁੱਖਤਾ ਦੇ ਭਲੇ ਹਿੱਤ ਮੈਡੀਕਲ ਕੈਂਪ ਲਗਾਉਣ ਵਾਲੀ ਸੰਸਥਾ ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਵੱਲੋਂ ਵਿਸਾਖੀ ਦਾ ਸ਼ੁਭ ਦਿਹਾੜਾ ਵਿਸ਼ੇਸ਼ ਦਿਨ ਵਜੋਂ ਮਨਾਉਣ ਦਾ ਐਲਾਨ ਕੀਤਾ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਚੇਅਰਮੈਨ ਜਾਗੋਵਾਲੀਆ ਨੇ ਦੱਸਿਆ ਕਿ 13 ਅਪ੍ਰੈਲ ਨੂੰ ਅੰਧ ਵਿਦਿਆਲਿਆ ਵਿਖੇ ਇਹ ਦਿਹਾੜਾ ਮਨਾਇਆ ਜਾਵੇਗਾ ਅਤੇ ਅੰਧ ਵਿਦਿਆਲਿਆਂ ਦੇ ਬਸ਼ਿੰਦਿਆਂ ਨਾਲ ਇਸ ਦਿਹਾੜੇ ਦੀ ਖੁਸ਼ੀ ਸਾਂਝੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਮੱਖੂ ਗੇਟ ਸਥਿਤ ਅੰਧ ਵਿਦਿਆਲਿਆ ਵਿਖੇ 4 ਵਜੇ ਵਿਸਾਖੀ ਦਿਹਾੜਾ ਮਨਾਇਆ ਜਾਵੇਗਾ, ਜਿਸ ਵਿਚ ਵੱਡੀ ਗਿਣਤੀ ਜਥੇਬੰਦੀ ਦੇ ਆਗੂ ਅਤੇ ਵਰਕਰ ਹਾਜ਼ਰ ਹੋਣਗੇ। ਇਸ ਮੌਕੇ ਦਿਵਾਨ ਚੰਦ ਸੁਖੀਜਾ ਪ੍ਰਧਾਨ, ਰਮੇਸ਼ ਬਜਾਜ ਜਨਰਲ ਸਕੱਤਰ, ਪਰਵੀਨ ਧਵਨ, ਰਾਮ ਕਿਸ਼ਨ ਆਦਿ ਆਗੂ ਵੀ ਹਾਜ਼ਰ ਸਨ।

# ਸਿੱਖ ਗੁਰੂਆਂ ਦੇ ਸਤਿਕਾਰ ਦਾ ਦਾਅਵਾ ਕਰਨ ਵਾਲੀ ਭਾਜਪਾ ਅਸਲ 'ਚ ਪੰਥ ਦੋਖੀ ਹੈ ਜੋ ਸੰਤ ਭਿੰਡਰਾਂਵਾਲਿਆਂ ਦੇ ਉਲਟ ਜਾ ਕੇ ਬੇਅਦਬੀਆਂ ਤੇ ਬਲਾਤਕਾਰੀਆਂ ਨੂੰ ਸ਼ਹਿ ਦੇ ਰਹੀ ਹੈ : ਫੈਡਰੇਸ਼ਨ ਭਿੰਡਰਾਂਵਾਲਾ




**ਅੰਮ੍ਰਿਤਸਰ, 10 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਇੱਕ ਪਾਸੇ ਤਾਂ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਇਹ ਬਿਆਨ ਦੇ ਰਹੇ ਹਨ ਕਿ ਉਹ ਸਿੱਖ ਗੁਰੂਆਂ ਦਾ ਬਹੁਤ ਸਤਿਕਾਰ ਕਰਦੇ ਹਨ ਅਤੇ ਸਿੱਖਾਂ ਦੇ ਹਮਾਇਤੀ ਹਨ। ਪਰ ਭਾਜਪਾ ਸਰਕਾਰ ਤਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀਆਂ ਦੇ ਮੁੱਖ ਦੋਸ਼ੀ, ਕਲਗੀਧਰ ਪਾਤਸ਼ਾਹ ਦਾ ਸਵਾਂਗ ਰਚਣ ਵਾਲੇ, ਅਨੇਕਾਂ ਸਿੰਘਾਂ ਨੂੰ ਸ਼ਹੀਦ ਕਰਨ ਵਾਲੇ, ਪੰਥ ਦੋਖੀ, ਬਲਾਤਕਾਰੀ ਤੇ ਕਾਤਲ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਵਾਰ-ਵਾਰ ਪੈਰੋਲ ਦੇ ਕੇ ਸਿੱਖਾਂ ਦੇ ਜ਼ਖ਼ਮਾਂ 'ਤੇ ਲੂਣ ਛਿੜਕ ਰਹੀ ਹੈ, ਇਹ ਸਿੱਖਾਂ ਨੂੰ ਪੀੜ ਤੇ ਸੰਤਾਪ ਦੇਣ ਵਾਲੀ ਗੱਲ ਹੈ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਅਮਿਤ ਸ਼ਾਹ ਆਖਦੇ ਹਨ ਕਿ ਭਿੰਡਰਾਂਵਾਲੇ ਬਣਨ ਵਾਲੇ ਅਸਾਮ ਦੀਆਂ ਜੇਲ੍ਹਾਂ 'ਚ ਪਾਠ ਕਰ ਰਹੇ ਹਨ ਤੇ ਉਹ ਕਿਸੇ ਨੂੰ ਭਿੰਡਰਾਂਵਾਲਾ ਨਹੀਂ ਬਣਨ ਦੇਣਗੇ। ਜਿਸ ਦਾ ਸਿੱਧਾ ਮਤਲਬ ਹੈ ਕਿ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਵਾਰਸਾਂ ਨੂੰ ਤਾਂ ਭਾਜਪਾ ਜੇਲ੍ਹਾਂ ਵਿੱਚ ਡੱਕ ਰਹੀ ਹੈ ਪਰ ਸੰਤ ਭਿੰਡਰਾਂਵਾਲੇ ਆਖਦੇ ਸਨ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਅਤੇ ਕਿਸੇ ਵੀ ਧੀ ਭੈਣ ਦਾ ਬਲਾਤਕਾਰ ਨਹੀਂ ਹੋਣ ਦਿਆਂਗੇ, ਨਸ਼ਾ ਨਹੀਂ ਵਿਕਣ ਦਿਆਂਗੇ ਅਤੇ ਹੱਕ ਤੇ ਅਜ਼ਾਦੀ ਲੈ ਕੇ ਰਹਾਂਗੇ। ਸੰਤ ਭਿੰਡਰਾਂਵਾਲਿਆਂ ਦੇ ਉਲਟ ਜਾ ਕੇ ਭਾਜਪਾ ਸਰਕਾਰ ਤਾਂ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਜੇਲ੍ਹ ਤੋਂ ਬਾਹਰ ਕੱਢ ਕੇ ਬੇਅਦਬੀਆਂ ਅਤੇ ਬਲਾਤਕਾਰਾਂ ਨੂੰ ਉਤਸ਼ਾਹਿਤ ਕਰ ਰਹੀ ਹੈ, ਨਸ਼ਿਆਂ ਦੇ ਦਰਿਆ ਵਗਾ ਕੇ ਲੋਕਾਂ ਦੇ ਹੱਕ ਅਤੇ ਅਜ਼ਾਦੀ ਖੋਹ ਰਹੀ ਹੈ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਭਾਜਪਾ ਸਰਕਾਰ ਦਾ ਸਿੱਖ ਵਿਰੋਧੀ ਚਿਹਰਾ ਨੰਗਾ ਹੋ ਚੁੱਕਾ ਹੈ, ਡੇਰਾ ਸਿਰਸਾ ਮੁਖੀ ਦੀ ਹਮਾਇਤ ਲੈ ਕੇ ਪਹਿਲਾਂ ਬਾਦਲਕੇ ਗਰਕ ਹੋਏ ਤੇ ਹੁਣ ਭਾਜਪਾ ਦੀ ਵਾਰੀ ਹੈ। ਡੇਰਾ ਸਿਰਸਾ ਮੁਖੀ ਪ੍ਰਤੀ ਪਿਆਰ ਵਿਖਾ ਕੇ ਭਾਜਪਾ ਨੇ ਸਾਬਤ ਕਰ ਦਿੱਤਾ ਹੈ ਕਿ ਉਹਨਾਂ ਦੇ ਮਨਾਂ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਬਿਲਕੁਲ ਵੀ ਸਤਿਕਾਰ ਨਹੀਂ ਹੈ। ਭਾਜਪਾ ਵੀ ਕਾਂਗਰਸ ਅਤੇ ਬਾਦਲਕਿਆਂ ਵਾਂਗ ਗੁਰੂ ਗ੍ਰੰਥ ਅਤੇ ਗੁਰੂ ਪੰਥ ਦੀ ਦੋਸ਼ੀ ਹੈ। ਇੱਕ ਪਾਸੇ ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ, ਭਾਈ ਜਗਤਾਰ ਸਿੰਘ ਤਾਰਾ, ਭਾਈ ਪਰਮਜੀਤ ਸਿੰਘ ਭਿਓਰਾ, ਭਾਈ ਗੁਰਦੀਪ ਸਿੰਘ ਖੈੜਾ, ਭਾਈ ਬਲਵੰਤ ਸਿੰਘ ਰਾਜੋਆਣਾ ਅਤੇ ਪ੍ਰੋਫ਼ੈਸਰ ਦਵਿੰਦਰਪਾਲ ਸਿੰਘ ਭੁੱਲਰ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ। ਉਹਨਾਂ ਕਿਹਾ ਕਿ ਭਾਜਪਾ 'ਚ ਗਏ ਸਿੱਖ ਆਗੂ ਜੋ ਬੰਦੀ ਸਿੰਘਾਂ ਨੂੰ ਤਾਂ ਰਿਹਾਅ ਨਹੀਂ ਕਰਵਾ ਸਕੇ, ਸਿੱਖ ਮਸਲੇ ਹੱਲ ਨਹੀਂ ਕਰਵਾ ਸਕੇ, ਉਲਟਾ ਸਿੱਖ ਕੌਮ ਨੂੰ ਹਿੰਦੂਤਵ ਦੇ ਡੂੰਘੇ ਸਮੁੰਦਰ 'ਚ ਸੁੱਟ ਰਹੇ ਹਨ। ਉਹਨਾਂ ਕਿਹਾ ਕਿ ਸਿਰਸੇ ਵਾਲੇ ਪਖੰਡੀ ਨੂੰ ਭਾਜਪਾ ਸਰਕਾਰ ਵੋਟ ਬੈਂਕ ਵਜੋਂ ਵਰਤ ਰਹੀ ਹੈ। ਉਹਨਾਂ ਕਿਹਾ ਕਿ ਭਾਜਪਾ ਨੂੰ ਸਮਰਥਨ ਦੇਣ ਵਾਲੇ ਸਿਆਸੀ ਸਿੱਖ ਆਗੂ ਅਤੇ ਸੰਪਰਦਾਵਾਂ ਦੇ ਮੁਖੀ ਤਾਂ ਪੰਥ ਦੋਖੀ ਡੇਰਾ ਸਿਰਸਾ ਦੇ ਮੁਖੀ ਦੀ ਭਾਜਪਾ ਸਰਕਾਰ ਕੋਲੋਂ ਪੈਰੋਲ ਵੀ ਨਹੀਂ ਰੁਕਵਾ ਸਕੇ, ਤੇ ਉਲਟਾ ਇਸ ਮਾਮਲੇ 'ਤੇ ਚੁੱਪੀ ਧਾਰਨ ਕਰਕੇ ਬੈਠੇ ਹਨ। ਉਹਨਾਂ ਨੇ ਬੰਦੀ ਸਿੰਘਾਂ ਨੂੰ ਤਾਂ ਕੀ ਰਿਹਾਅ ਕਰਵਾਉਣਾ ਸੀ, ਸਗੋਂ ਅਣਖੀਲੀ ਸਿੱਖ ਕੌਮ ਨੂੰ ਭਾਜਪਾ ਕੋਲ ਵੇਚ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243